ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 24 ਮਾਰਚ 2025 (ਨਾਨਕਸ਼ਾਹੀ ਸੰਮਤ : ੫੫੭, ੧੧ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਸ਼ੁਰੂ ਹੋਇਆ ਗਰਮੀ ਦਾ ਕਹਿਰ, ਅਗਲੇ ਹਫ਼ਤੇ ਤਾਪਮਾਨ ਪਹੁੰਚ ਜਾਵੇਗਾ 35 ਤੋਂ ਪਾਰ

**ਜਲੰਧਰ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਦਿਨੋਂ-ਦਿਨ ਤਾਪਮਾਨ ਵੱਧਣ ਕਾਰਨ ਗਰਮੀਆਂ ਦੀ ਸ਼ੁਰੂਆਤ ਹੋ ਚੁੱਕੀ ਹੈ। ਸੂਬੇ ਦੇ ਕਈ ਜ਼ਿਲ੍ਹਿਆਂ 'ਚ ਤਾਪਮਾਨ 'ਚ ਮਾਮੂਲੀ ਵਾਧਾ ਵੇਖਿਆ ਜਾ ਰਿਹਾ ਹੈ। ਮੌਸਮ ਮਾਹਿਰਾਂ ਦਾ ਕਹਿਣਾ ਹੈ ਕਿ ਆਉਣ ਵਾਲੇ ਦਿਨਾਂ ਵਿਚ ਤਾਪਮਾਨ ਹੋਰ ਵਧ ਸਕਦਾ ਹੈ, ਜਿਸ ਨਾਲ ਗਰਮੀ ਦੀ ਲਹਿਰ ਤੇਜ਼ ਹੋ ਸਕਦੀ ਹੈ। ਹਾਲਾਂਕਿ ਰਾਤ ਨੂੰ ਤਾਪਮਾਨ ਠੰਡਾ ਰਹੇਗਾ। ਦਿਨ ਅਤੇ ਰਾਤ ਦੇ ਤਾਪਮਾਨ ਵਿੱਚ 10 ਤੋਂ 15 ਡਿਗਰੀ ਦਾ ਅੰਤਰ ਹੋ ਸਕਦਾ ਹੈ, ਜਿਸ ਕਾਰਨ ਦਿਨ ਵੇਲੇ ਗਰਮੀ ਮਹਿਸੂਸ ਹੋਵੇਗੀ, ਜਦਕਿ ਰਾਤਾਂ ਠੰਡੀਆਂ ਰਹਿਣਗੀਆਂ। ਮਾਹਿਰਾਂ ਦਾ ਕਹਿਣਾ ਹੈ ਕਿ ਹੁਣ ਤਾਪਮਾਨ ਹੌਲੀ-ਹੌਲੀ ਵਧੇਗਾ ਅਤੇ ਅਗਲੇ ਹਫ਼ਤੇ ਤੱਕ ਇਹ ਕਈ ਥਾਵਾਂ 'ਤੇ 34 ਤੋਂ 36 ਡਿਗਰੀ ਤਾਪਮਾਨ ਤੱਕ ਪਹੁੰਚ ਸਕਦਾ ਹੈ। ਸੂਬੇ ਦੇ ਕਿਸਾਨਾਂ ਅਤੇ ਆਮ ਲੋਕਾਂ ਨੂੰ ਤੇਜ਼ ਧੁੱਪ ਅਤੇ ਵਧਦੀ ਗਰਮੀ ਤੋਂ ਸਾਵਧਾਨ ਰਹਿਣ ਦੀ ਸਲਾਹ ਦਿੱਤੀ ਗਈ ਹੈ। ਗਰਮੀ ਦਾ ਪ੍ਰਭਾਵ ਖਾਸ ਕਰਕੇ ਦੁਪਹਿਰ ਵੇਲੇ ਵਧੇਰੇ ਮਹਿਸੂਸ ਕੀਤਾ ਜਾਵੇਗਾ। ਮੌਸਮ ਵਿਗਿਆਨ ਕੇਂਦਰ ਅਨੁਸਾਰ ਅੱਜ ਵੀ ਪੰਜਾਬ ਦੇ ਤਾਪਮਾਨ ਵਿੱਚ ਬਹੁਤਾ ਬਦਲਾਅ ਨਹੀਂ ਹੋਵੇਗਾ ਪਰ ਇਸ ਤੋਂ ਬਾਅਦ ਸੂਬੇ ਦੇ ਔਸਤ ਤਾਪਮਾਨ 'ਚ 4 ਡਿਗਰੀ ਦਾ ਵਾਧਾ ਹੋ ਸਕਦਾ ਹੈ, ਜਿਸ ਕਾਰਨ ਗਰਮੀ ਦਾ ਪ੍ਰਭਾਵ ਵਧ ਸਕਦਾ ਹੈ। ਮੌਸਮ ਵਿਭਾਗ ਵੱਲੋਂ ਮਿਲੀ ਜਾਣਕਾਰੀ ਮੁਤਾਬਕ ਪੰਜਾਬ 'ਚ ਕੁਝ ਜ਼ਿਲ੍ਹਿਆਂ 'ਚ ਤਾਪਮਾਨ ਵਿਚ ਹੋਰ ਵਾਧਾ ਦਰਜ ਕੀਤਾ ਜਾਵੇਗਾ।

### ਮਾਨ ਸਰਕਾਰ ਨੇ ਐਨ. ਐਸ. ਏ. ਵਧਾਉਣ ਤੋਂ ਕੀਤਾ 'ਇਨਕਾਰ'?

# ਅੰਮ੍ਰਿਤਪਾਲ ਸਿੰਘ ਨੂੰ ਲਿਆਂਦਾ ਜਾਵੇਗਾ ਪੰਜਾਬ

**ਚੰਡੀਗੜ੍ਹ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਪੰਜਾਬ ਦੇ ਖਾਲਿਸਤਾਨ ਪੱਖੀ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਜੇਲ੍ਹ ਲਿਆਂਦਾ ਜਾ ਸਕਦਾ ਹੈ। ਪੰਜਾਬ ਸਰਕਾਰ ਨੇ ਅੰਮ੍ਰਿਤਪਾਲ 'ਤੇ ਲਗਾਏ ਗਏ ਰਾਸ਼ਟਰੀ ਸੁਰੱਖਿਆ ਕਾਨੂੰਨ ਦੀ ਮਿਆਦ ਵਧਾਉਣ ਦਾ ਕੋਈ ਹੁਕਮ ਜਾਰੀ ਨਹੀਂ ਕੀਤਾ ਹੈ।



ਇਸਦੀ ਮਿਆਦ 22 ਮਾਰਚ ਨੂੰ ਖਤਮ ਹੋ ਗਈ। ਅੰਮ੍ਰਿਤਪਾਲ ਦੇ ਨਾਲ-ਨਾਲ, ਉਸਦੇ ਦੋ ਹੋਰ ਸਾਥੀਆਂ ਪੱਪਲਪ੍ਰੀਤ ਸਿੰਘ ਤੇ ਵਰਿੰਦਰ ਵਿੱਕੀ ਤੋਂ ਵੀ ਐਨਐਸਏ ਹਟਾਇਆ ਜਾ ਸਕਦਾ ਹੈ। ਇਸ ਤੋਂ ਪਹਿਲਾਂ ਹਾਲ ਹੀ ਵਿੱਚ ਅੰਮ੍ਰਿਤਪਾਲ ਦੇ 7 ਸਾਥੀਆਂ ਨੂੰ ਡਿਬਰੂਗੜ੍ਹ ਜੇਲ੍ਹ ਤੋਂ ਪੰਜਾਬ ਲਿਆਂਦਾ ਗਿਆ ਸੀ। ਪੰਜਾਬ ਦੇ ਇੱਕ ਸੀਨੀਅਰ ਅਧਿਕਾਰੀ ਨੇ ਕਿਹਾ ਕਿ ਅੰਮ੍ਰਿਤਪਾਲ ਅਤੇ ਉਸਦੇ ਸਾਥੀਆਂ ਵਿਰੁੱਧ NSA ਦੀ ਮਿਆਦ ਵਧਾਉਣ ਜਾਂ ਇਸ ਨਾਲ ਸਬੰਧਤ ਕਿਸੇ ਹੋਰ ਹੁਕਮ ਬਾਰੇ ਅਜੇ ਤੱਕ ਕੋਈ ਹੁਕਮ ਜਾਰੀ ਨਹੀਂ ਕੀਤਾ ਗਿਆ ਹੈ। ਇਹ ਸਪੱਸ਼ਟ ਹੈ ਕਿ ਪੰਜਾਬ ਸਰਕਾਰ ਹੁਣ ਅੰਮ੍ਰਿਤਪਾਲ ਸਿੰਘ 'ਤੇ ਸ਼ਿਕੰਜਾ ਕੱਸਣ ਦੀ ਤਿਆਰੀ ਕਰ ਰਹੀ ਹੈ। ਪੰਜਾਬ ਸਰਕਾਰ ਅੰਮ੍ਰਿਤਪਾਲ ਸਿੰਘ ਅਤੇ ਉਸਦੇ ਦੋ ਹੋਰ ਸਾਥੀਆਂ ਪੱਪਲਪ੍ਰੀਤ ਸਿੰਘ ਅਤੇ ਵਰਿੰਦਰ ਵਿੱਕੀ ਨੂੰ ਪੰਜਾਬ ਦੇ ਅੰਮ੍ਰਿਤਸਰ ਲਿਆ ਸਕਦੀ ਹੈ ਅਤੇ ਉਨ੍ਹਾਂ ਨੂੰ 2023 ਵਿੱਚ ਅਜਨਾਲਾ ਪੁਲਿਸ ਸਟੇਸ਼ਨ 'ਤੇ ਹੋਏ ਹਮਲੇ ਦੀ ਜਾਂਚ ਵਿੱਚ ਸ਼ਾਮਲ ਕਰ ਸਕਦੀ ਹੈ। ਜ਼ਿਕਰ ਕਰ ਦਈਏ ਕਿ 21 ਮਾਰਚ ਨੂੰ ਪੰਜਾਬ ਸਰਕਾਰ ਅੰਮ੍ਰਿਤਪਾਲ ਸਿੰਘ ਦੇ 7 ਸਾਥੀਆਂ ਨੂੰ ਲੈ ਕੇ ਅੰਮ੍ਰਿਤਸਰ ਪਹੁੰਚੀ ਤੇ ਉਨ੍ਹਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ 3 ਦਿਨ ਦਾ ਰਿਮਾਂਡ ਹਾਸਲ ਕੀਤਾ। ਜਦੋਂ ਕਿ ਅੰਮ੍ਰਿਤਪਾਲ ਸਿੰਘ ਦੇ ਮਾਮਲੇ ਵਿੱਚ ਸੁਣਵਾਈ ਲੰਬਿਤ ਸੀ। ਇਸ ਕਾਰਨ ਅੰਮ੍ਰਿਤਪਾਲ ਸਿੰਘ, ਪੱਪਲਪ੍ਰੀਤ ਸਿੰਘ ਅਤੇ ਵਰਿੰਦਰ ਵਿੱਕੀ ਬਾਰੇ ਕੋਈ ਫੈਸਲਾ ਨਹੀਂ ਲਿਆ ਜਾ ਸਕਿਆ। ਸੰਭਾਵਨਾ ਹੈ ਕਿ ਸਰਕਾਰ ਹੁਣੇ ਹੁਕਮ ਜਾਰੀ ਕਰਨ ਦੀ ਬਜਾਏ 25 ਮਾਰਚ ਨੂੰ ਅਦਾਲਤ ਵਿੱਚ ਅੰਮ੍ਰਿਤਪਾਲ ਸਿੰਘ ਤੇ ਉਸਦੇ ਦੋ ਸਾਥੀਆਂ ਬਾਰੇ ਆਪਣਾ ਫੈਸਲਾ ਸਪੱਸ਼ਟ ਕਰੇਗੀ। ਜ਼ਿਕਰ ਕਰ ਦਈਏ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਰਾਜ ਸਭਾ ਵਿੱਚ ਸੰਬੋਧਨ ਕਰਦਿਆਂ ਕਿਹਾ ਸੀ ਕਿ ਪੰਜਾਬ ਵਿੱਚ ਵੀ ਕੁਝ ਲੋਕ ਭਿੰਡਰਵਾਲਾ ਬਣਨਾ ਚਾਹੁੰਦੇ ਸੀ ਪਰ ਸਰਕਾਰ ਨੇ ਉਨ੍ਹਾਂ ਨੂੰ ਅੱਗੇ ਨਹੀਂ ਵਧਣ ਦਿੱਤਾ ਤੇ ਅੱਜ ਉਹ ਅਸਾਮ ਦੀ ਜੇਲ੍ਹ 'ਚ ਬੰਦ ਹਨ ਭਾਵੇਂ ਕਿ ਉੱਥੇ ਸਾਡੀ ਸਰਕਾਰ ਨਹੀਂ ਹੈ, ਪਰ ਇਹ ਗ੍ਰਹਿ ਮੰਤਰਾਲੇ ਦਾ ਹੀ ਦ੍ਰਿੜ ਇਰਾਦਾ ਸੀ ਕਿ ਉਹ ਇਸ ਸਮੇਂ ਸਲਾਖਾਂ ਪਿੱਛੇ ਹਨ ਤੇ ਅਸਾਮ ਜੇਲ੍ਹ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਠ ਕਰ ਰਹੇ ਹਨ।

## 3$ ਮਾਨ ਦੀ ਰਿਹਾਇਸ਼ ਅੱਗੇ ਪੁਲਿਸ ਨੇ ਕੀਤੀ ਬੇਰੁਜ਼ਗਾਰਾਂ ਨਾਲ ਖਿੱਚ-ਧੂਹ, ਰੁਜ਼ਗਾਰ ਦੀ ਮੰਗ ਨੂੰ ਲੈ ਕੇ ਕਰ ਰਹੇ ਸੀ ਪ੍ਰਦਰਸ਼ਨ

**ਚੰਡੀਗੜ੍ਹ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਸੰਗਰੂਰ ਦੇ ਵਿੱਚ ਮੁੱਖ ਮੰਤਰੀ ਰਿਹਾਇਸ਼ ਦੇ ਅੱਗੇ ਬੇਰੁਜ਼ਗਾਰ ਸਾਂਝੇ ਮੋਰਚੇ ਦੇ ਵੱਲੋਂ ਆਪਣੇ ਪੱਕੇ ਰੁਜ਼ਗਾਰ ਦੀ ਮੰਗ ਨੂੰ ਲੈ ਕੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਪ੍ਰਦਰਸ਼ਨ ਕੀਤਾ ਗਿਆ। ਜਦੋਂ ਵੱਡੀ ਗਿਣਤੀ ਵਿੱਚ ਪ੍ਰਦਰਸ਼ਨਕਾਰੀ ਮੁੱਖ ਮੰਤਰੀ ਰਿਹਾਇਸ਼ ਦੇ ਵੱਲ ਵਧਣਾ ਸ਼ੁਰੂ ਹੋਏ ਤਾਂ ਅੱਗੇ ਪੁਲਿਸ ਦੇ ਵੱਲੋਂ ਵੱਡੀ ਪੱਧਰ ਦੇ ਉੱਪਰ ਬੈਰੀਕੇਡਿੰਗ ਕੀਤੀ ਹੋਈ ਸੀ। ਇਸ ਦੌਰਾਨ ਪੁਲਿਸ ਤੇ ਪ੍ਰਦਰਸ਼ਨਕਾਰੀਆਂ ਦੇ ਵਿਚਾਲੇ ਜਮ ਕੇ ਧੱਕਾਮੁੱਕੀ ਹੋਈ। ਤੁਹਾਨੂੰ ਦੱਸ ਦਈਏ ਕਿ ਬੇਰੁਜ਼ਗਾਰਾਂ ਵੱਲੋਂ ਕਿਹਾ ਗਿਆ ਕਿ ਉਹ ਪੜ੍ਹੇ ਲਿਖੇ ਹਨ ਤੇ ਸਰਕਾਰੀ ਨੌਕਰੀ ਦੀ ਮੰਗ ਕਰ ਰਹੇ ਹਨ, ਉਨ੍ਹਾਂ ਕਿਹਾ ਕਿ ਹੁਣ ਉਮਰਾਂ ਵੱਡੀਆਂ



ਹੋ ਰਹੀਆਂ ਹਨ ਪਰ ਉਨ੍ਹਾਂ ਨੂੰ ਨੌਕਰੀਆਂ ਨਹੀਂ ਮਿਲ ਰਹੀਆਂ ਹਨ। ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਇਸ ਤੋਂ ਪਹਿਲਾਂ ਅਸੀਂ 2 ਮਾਰਚ ਨੂੰ ਵੀ ਮੁੱਖ ਮੰਤਰੀ ਰਿਹਾਇਸ਼ ਸੰਗਰੂਰ ਅੱਗੇ ਪ੍ਰਦਰਸ਼ਨ ਕੀਤਾ ਸੀ ਜਿਸ ਤੋਂ ਬਾਅਦ ਉਨ੍ਹਾਂ ਨੂੰ 5 ਮਾਰਚ ਲਈ ਮੀਟਿੰਗ ਦਾ ਸੱਦਾ ਦਿੱਤਾ ਗਿਆ ਸੀ ਪਰ ਉਹ ਮੀਟਿੰਗ ਨਹੀਂ ਸਿਰਫ ਲਾਰਾ ਹੀ ਸੀ। ਉਨ੍ਹਾਂ ਕਿਹਾਕਿ ਚੰਡੀਗੜ੍ਹ ਵਿਖੇ ਉਨ੍ਹਾਂ ਨੂੰ ਕੋਈ ਨਹੀਂ ਮਿਲਿਆ ਜਿਸ ਤੋਂ ਬਾਅਦ ਨਿਰਾਸ਼ ਹੋ ਕੇ ਉਹ ਵੱਡੇ ਪੱਧਰ ਦੇ ਉੱਪਰ ਪ੍ਰਦਰਸ਼ਨ ਕਰ ਰਹੇ ਹਾਂ ਹੁਣ ਅਸੀਂ ਲਾਰੇ ਨਹੀਂ ਪੱਕੇ ਤੌਰ ਦੀ ਮੀਟਿੰਗ ਲੈ ਕੇ ਹੀ ਅਸੀਂ ਅੱਗੇ ਜਾਵਾਂਗੇ ਰੋਸ ਪ੍ਰਦਰਸ਼ਨ ਦੌਰਾਨ ਇੱਕ ਬੇਰੁਜ਼ਗਾਰ ਅਧਿਆਪਕ ਸੰਗਲ ਪਹਿਨ ਕੇ ਵੀ ਆਇਆ ਸੀ। ਜਿਸ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਮੇਰੇ ਨਾਲ ਇਹ ਸੰਗਲ ਲਹਾਉਣ ਦਾ ਵਾਅਦਾ ਕੀਤਾ ਸੀ ਕਿ ਜਦੋਂ ਆਮ ਆਦਮੀ ਪਾਰਟੀ ਦੀ ਸਰਕਾਰਾਂ ਆਵੇਗੀ ਤਾਂ ਇਹ ਸੰਗਲ ਉਤਾਰਿਆ ਜਾਵੇਗਾ ਪਰ ਇਸ ਸੰਗਲ ਦਾ ਵਜ਼ਨ ਅੱਜ ਡਬਲ ਹੋ ਗਿਆ ਹੈ।

## ਗੈਂਗਸਟਰ ਜੱਗੂ ਭਗਵਨਾਪੁਰੀਆ ਅਸਾਮ ਦੀ ਜੇਲ੍ਹ 'ਚ ਸ਼ਿਫਟ ; PIT-NDPS ਐਕਟ ਤਹਿਤ NCB ਨੇ ਕੀਤੀ ਕਾਰਵਾਈ



**ਚੰਡੀਗੜ੍ਹ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਕਤਲ ਵਿੱਚ ਸ਼ਾਮਲ ਬਦਨਾਮ ਗੈਂਗਸਟਰ ਜੱਗੂ ਭਗਵਾਨਪੁਰੀਆ ਨੂੰ ਸ਼ਨੀਵਾਰ ਸ਼ਾਮ ਨੂੰ ਸਖ਼ਤ ਸੁਰੱਖਿਆ ਵਿਚਕਾਰ ਨਾਰਕੋਟਿਕਸ ਕੰਟਰੋਲ ਬਿਊਰੋ (NCB) ਨੇ ਬਠਿੰਡਾ ਹਾਈ ਸਿਕਿਓਰਿਟੀ ਜੇਲ੍ਹ ਤੋਂ ਅਸਾਮ ਦੀ ਸਿਲਚਰ ਜੇਲ੍ਹ ਵਿੱਚ ਤਬਦੀਲ ਕਰ ਦਿੱਤਾ। ਇਸ ਤੋਂ ਪਹਿਲਾਂ 5 ਵੱਡੇ ਨਸ਼ਾ ਤਸਕਰਾਂ ਨੂੰ ਅਸਾਮ ਜੇਲ੍ਹ ਵਿੱਚ ਤਬਦੀਲ ਕੀਤਾ ਜਾ ਚੁੱਕਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਜੱਗੂ ਨੂੰ ਪਹਿਲਾਂ ਬਠਿੰਡਾ ਤੋਂ ਚੰਡੀਗੜ੍ਹ ਲਿਆਂਦਾ ਗਿਆ ਸੀ। ਚੰਡੀਗੜ੍ਹ ਨੂੰ ਅੱਗੇ ਟ੍ਰਾਂਸਫਰ ਹਵਾਈ ਰਾਹੀਂ ਕੀਤਾ ਜਾਂਦਾ ਹੈ। ਜੱਗੂ ਭਗਵਾਨਪੁਰੀਆ ਵਿਰੁੱਧ 128 ਮਾਮਲੇ ਦਰਜ ਹਨ, ਜਿਨ੍ਹਾਂ ਵਿੱਚ ਐਨਡੀਪੀਐਸ ਐਕਟ ਅਧੀਨ 13 ਮਾਮਲੇ ਸ਼ਾਮਲ ਹਨ। ਹੁਣ ਤੱਕ ਪ੍ਰਾਪਤ ਜਾਣਕਾਰੀ ਅਨੁਸਾਰ, ਇਹ ਐਨਡੀਪੀਐਸ ਮਾਮਲੇ ਵਿੱਚ ਨਾਰਕੋਟਿਕਸ ਕੰਟਰੋਲ ਬਿਊਰੋ ਦੀ ਪੂਰੀ ਕਾਰਵਾਈ ਹੈ, ਜਿਸ ਦੇ ਤਹਿਤ ਜੱਗੂ ਨੂੰ ਦੇਰ ਰਾਤ ਅਸਾਮ ਜੇਲ੍ਹ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ। ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਨੇ ਇਸ ਫੈਸਲੇ 'ਤੇ ਟਿੱਪਣੀ ਕਰਦੇ ਹੋਏ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਕਿਹਾ ਕਿ ਉਹ ਪਿਛਲੇ ਕਈ ਸਾਲਾਂ ਤੋਂ ਗੈਂਗਸਟਰ ਦੀਆਂ ਗਤੀਵਿਧੀਆਂ ਦਾ ਮੁੱਦਾ ਚੁੱਕ ਰਹੇ ਹਨ ਪਰ ਕੋਈ ਕਾਰਵਾਈ ਨਹੀਂ ਹੋਈ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਤੋਂ ਇੱਕ ਦਰਜਨ ਦੇ ਕਰੀਬ ਗੈਂਗਸਟਰਾਂ ਨੂੰ ਪੰਜਾਬ ਤਬਦੀਲ ਕਰ ਦਿੱਤਾ ਜਾਵੇ ਤਾਂ ਅਪਰਾਧ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਘਟ ਸਕਦੀ ਹੈ।

## ਦਮਦਮੀ ਟਕਸਾਲ ਵਿਖੇ ਅੱਜ ਮਾਝੇ ਦੀਆਂ ਸੰਗਤਾਂ ਹੁੰਮ ਹੁੰਮਾ ਕੇ ਪਹੁੰਚਣ : ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ

### 28 ਦੇ 'ਰੋਸ ਧਰਨੇ' ਸਬੰਧੀ ਉਲੀਕੀ ਜਾਵੇਗੀ ਅੰਤਿਮ ਰੂਪ

**ਚੌਂਕ ਮਹਿਤਾ, 23 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਤਖ਼ਤਾਂ ਦੇ ਫਾਰਗ ਕੀਤੇ ਗਏ ਜਥੇਦਾਰਾਂ ਦੀ ਬਹਾਲੀ ਲਈ ਅਤੇ ਨਵੇਂ ਜੱਥੇਦਾਰਾਂ ਦੀ ਨਿਯੁਕਤੀ ਰੱਦ ਕਰਵਾਉਣ ਲਈ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਵਿੱਚ 28 ਮਾਰਚ ਨੂੰ ਸ੍ਰੋਮਣੀ ਕਮੇਟੀ ਦੇ ਬਜਟ ਇਜਲਾਸ ਦੌਰਾਨ ਸ. ਤੇਜਾ ਸਿੰਘ ਸਮੁੰਦਰੀ ਹਾਲ ਅੰਮ੍ਰਿਤਸਰ ਵਿਖੇ ਦਿੱਤੇ ਜਾਣ ਵਾਲੇ ਰੋਸ ਧਰਨੇ ਸਬੰਧੀ ਮਾਝੇ ਇਲਾਕੇ ਦੀਆਂ ਧਾਰਮਿਕ ਸਖਸ਼ੀਅਤਾਂ ਤੇ ਜਿੰਮੇਵਾਰ ਸਿੰਘਾਂ ਦੀ ਇਕ ਅਹਿਮ ਮੀਟਿੰਗ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਪ੍ਰਧਾਨਗੀ ਵਿਚ ਅੱਜ 24 ਮਾਰਚ ਨੂੰ ਸਵੇਰੇ 11 ਵਜੇ ਦਮਦਮੀ ਟਕਸਾਲ ਦੇ ਹੈਡਕੁਆਰਟਰ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਹੋਵੇਗੀ। ਜਿਸ ਦੌਰਾਨ ਇਸ ਰੋਸ ਧਰਨੇ ਨੂੰ ਚੜਦੀ ਕਲਾ ਅਤੇ ਸ਼ਾਂਤੀਪੂਰਵਕ ਤਰੀਕੇ ਨਾਲ ਨੇਪਰੇ ਚਾੜਨ ਲਈ ਅਹਿਮ



ਜਿੰਮੇਵਾਰੀਆਂ ਸੌਂਪੀਆਂ ਜਾਣਗੀਆਂ। ਸੰਤ ਬਾਬਾ ਹਰਨਾਮ ਸਿੰਘ ਖਾਲਸਾ ਨੇ ਸਮੁੱਚੀਆਂ ਸੰਗਤਾਂ ਨੂੰ ਇਸ ਮੀਟਿੰਗ ਵਿਚ ਵਧ ਚੜ੍ਹ ਕੇ ਪਹੁੰਚਣ ਦੀ ਅਪੀਲ ਕੀਤੀ ਹੈ। ਉਨ੍ਹਾਂ ਆਖਿਆ ਕਿ ਆਪਹੁਦਰੇ ਤਰੀਕੇ ਨਾਲ ਤਖਤਾਂ ਦੇ ਜੱਥੇਦਾਰਾਂ ਨੂੰ ਹਟਾਏ ਜਾਣ ਅਤੇ ਨਵੇਂ ਲਗਾਏ ਜਾਣ ਕਰਕੇ ਸਿੱਖ ਪੰਥ ਵਿੱਚ ਵੱਡਾ ਰੋਸ ਹੈ। ਇਸ ਲਈ ਤਖਤਾਂ ਦੀ ਮਾਣ ਮਰਿਆਦਾ ਨੂੰ ਬਹਾਲ ਕਰਵਾਉਣ ਲਈ ਹਰ ਸਿੱਖ ਨੂੰ ਅੱਗੇ ਆਉਣਾ ਚਾਹੀਦਾ ਹੈ, ਅੱਜ ਸਾਡਾ ਸਭ ਦਾ ਫਰਜ ਬਣਦਾ ਹੈ ਕਿ ਅਸੀਂ ਆਪਣੇ ਤਖਤਾਂ ਦੇ ਜੱਥੇਦਾਰਾਂ ਦਾ ਅਪਮਾਨ ਹੋਣ ਤੋਂ ਬਚਾਈਏ ਅਤੇ 28 ਮਾਰਚ ਦੇ ਰੋਸ ਧਰਨੇ ਵਿੱਚ ਹੁੰਮ ਹੁਮਾ ਕੇ ਸ਼ਾਮਿਲ ਹੋਈਏ।

ਆਵਾਜ਼ਿ ਕੌਮ
AWAZE QAUM
International Newspaper & WEB TV

## ਦਿੱਲੀ ਆਲਿਆਂ ਨੇ ਮੱਲਿਆ ਪੰਜਾਬ ! ਮਾਨ ਕੈਬਿਨੇਟ 'ਚ ਹੋਣ ਜਾ ਰਿਹਾ ਵੱਡਾ ਫੇਰਬਦਲ ? ਕਿਹੜੇ ਮੰਤਰੀਆਂ ਤੋਂ ਖੁੱਸੇਗੀ ਕੁਰਸੀ

**ਚੰਡੀਗੜ੍ਹ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਵਿਧਾਨ ਸਭਾ ਚੋਣਾਂ ਵਿੱਚ ਹਾਰ ਤੋਂ ਬਾਅਦ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਧਿਆਨ ਹੁਣ ਪੰਜਾਬ 'ਤੇ ਹੈ। ਸੂਤਰਾਂ ਅਨੁਸਾਰ ਅਰਵਿੰਦ ਕੇਜਰੀਵਾਲ ਹੁਣ ਪੰਜਾਬ ਦੀ ਭਗਵੰਤ ਮਾਨ ਸਰਕਾਰ ਵਿੱਚ ਕੁਝ 'ਮਜ਼ਬੂਤ ? ?ਚਿਹਰੇ' ਚਾਹੁੰਦੇ ਹਨ। ਇਹ ਯਾਦ ਰੱਖਣਾ ਜ਼ਰੂਰੀ ਹੈ ਕਿ ਕੁਝ ਦਿਨ ਪਹਿਲਾਂ ਹੀ ਆਮ ਆਦਮੀ ਪਾਰਟੀ ਨੇ ਰਾਸ਼ਟਰੀ ਪੱਧਰ 'ਤੇ ਆਪਣੇ ਸੰਗਠਨ ਵਿੱਚ ਵੱਡੇ ਬਦਲਾਅ ਕੀਤੇ ਸਨ। ਪਾਰਟੀ ਵੱਲੋਂ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੂੰ ਪੰਜਾਬ ਦਾ ਇੰਚਾਰਜ ਤੇ ਦਿੱਲੀ ਦੇ ਸਾਬਕਾ ਮੰਤਰੀ ਸਤੇਂਦਰ ਜੈਨ ਨੂੰ ਸਹਿ-ਇੰਚਾਰਜ



ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਦਿੱਲੀ ਯੂਨਿਟ ਵਿੱਚ ਵੀ ਫੇਰਬਦਲ ਕੀਤਾ ਗਿਆ। ਯਾਦ ਕਰਵਾ ਦਈਏ ਕਿ ਪੰਜਾਬ ਸਰਕਾਰ ਵਿੱਚ ਕੁੱਲ 18 ਮੰਤਰੀ ਬਣਾਏ ਜਾ ਸਕਦੇ ਹਨ। ਭਗਵੰਤ ਮਾਨ ਸਰਕਾਰ ਵਿੱਚ ਇਸ ਵੇਲੇ 16 ਮੰਤਰੀ ਹਨ ਤੇ ਦੋ ਸੀਟਾਂ ਖਾਲੀ ਹਨ। ਚਰਚਾ ਹੈ ਕਿ ਸੰਜੀਵ ਅਰੋੜਾ ਨੂੰ ਮੰਤਰੀ ਦਾ ਅਹੁਦਾ ਮਿਲ ਸਕਦਾ ਹੈ। ਸੰਜੀਵ ਅਰੋੜਾ ਲੁਧਿਆਣਾ ਪੱਛਮੀ ਵਿਧਾਨ ਸਭਾ ਸੀਟ ਦੀ ਉਪ ਚੋਣ ਵਿੱਚ ਪਾਰਟੀ ਦੇ ਉਮੀਦਵਾਰ ਹਨ। ਸੰਜੀਵ ਅਰੋੜਾ ਇਸ ਸਮੇਂ ਰਾਜ ਸਭਾ ਮੈਂਬਰ ਵੀ ਹਨ। ਜੇ ਉਹ ਵਿਧਾਇਕ ਚੁਣੇ ਜਾਂਦੇ ਹਨ, ਤਾਂ ਉਹ ਰਾਜ ਸਭਾ ਸੀਟ ਤੋਂ ਅਸਤੀਫਾ ਦੇ ਦੇਣਗੇ ਤੇ ਕੇਜਰੀਵਾਲ ਇਸ ਸੀਟ ਤੋਂ ਰਾਜ ਸਭਾ ਵਿੱਚ ਦਾਖਲ ਹੋ ਸਕਦੇ ਹਨ। ਦੱਸ ਦਈਏ ਕਿ 2022 ਵਿੱਚ ਪੰਜਾਬ ਵਿੱਚ ਸਰਕਾਰ ਬਣਨ ਤੋਂ ਬਾਅਦ ਭਗਵੰਤ ਮਾਨ ਦੇ ਮੰਤਰੀ ਮੰਡਲ ਵਿੱਚ ਹੁਣ ਤੱਕ ਛੇ ਵਾਰ ਫੇਰਬਦਲ ਕੀਤਾ ਜਾ ਚੁੱਕਾ ਹੈ। ਭਗਵੰਤ ਮਾਨ ਮੰਤਰੀ ਮੰਡਲ ਵਿੱਚ ਫੇਰਬਦਲ ਦੀਆਂ ਚਰਚਾਵਾਂ ਇਸ ਲਈ ਵੀ ਗਰਮ ਹਨ ਕਿਉਂਕਿ ਅਰਵਿੰਦ ਕੇਜਰੀਵਾਲ ਨੇ ਸ਼ਨੀਵਾਰ ਨੂੰ ਪੰਜਾਬ ਸਰਕਾਰ ਦੇ ਦੋ ਮੰਤਰੀਆਂ ਨੂੰ ਦਿੱਲੀ ਬੁਲਾਇਆ ਸੀ। ਇਨ੍ਹਾਂ ਮੰਤਰੀਆਂ ਦੇ ਨਾਮ ਲਾਲਚੰਦ ਕਟਾਰੂਚੱਕ ਤੇ ਹਰਭਜਨ ਸਿੰਘ ਹਨ। ਇਹ ਦੋਵੇਂ ਮੰਤਰੀ ਹਾਲ ਹੀ ਦੇ ਸਮੇਂ ਵਿੱਚ ਵਿਵਾਦਾਂ ਵਿੱਚ ਰਹੇ ਹਨ। ਆਮ ਆਦਮੀ ਪਾਰਟੀ ਦੇ ਸੂਤਰਾਂ ਦਾ ਕਹਿਣਾ ਹੈ ਕਿ ਅਪ੍ਰੈਲ ਵਿੱਚ ਭਗਵੰਤ ਮਾਨ ਮੰਤਰੀ ਮੰਡਲ ਵਿੱਚ ਫੇਰਬਦਲ ਹੋ ਸਕਦਾ ਹੈ, ਹਾਲਾਂਕਿ ਕੁਝ ਆਗੂ ਇਹ ਨਹੀਂ ਚਾਹੁੰਦੇ ਜਦੋਂ ਕਿ ਕੁਝ ਆਗੂ ਇਸਦੇ ਹੱਕ ਵਿੱਚ ਹਨ। ਕੁੱਲ ਮਿਲਾ ਕੇ ਇਹ ਮੰਨਿਆ ਜਾ ਰਿਹਾ ਹੈ ਕਿ ਕੇਜਰੀਵਾਲ ਹੁਣ ਆਪਣੀ ਸਾਰੀ ਤਾਕਤ ਪੰਜਾਬ ਵਿੱਚ ਲਗਾ ਦੇਣਗੇ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜ਼ਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

✶-- ਗੁਰੂ ਪੰਥ ਦੇ ਸੇਵਾਦਾਰ --✶


**ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK**

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ — ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫਤਹਿ — ਅੰਮ੍ਰਿਤ ਛਕੋ ਸਿੰਘ ਸਜੋ - ਨਸ਼ੇ ਛੱਡੋ ਕੋਹੜ ਵੱਡੋ — ਪੰਥ ਕੀ ਜੀਤ

ਖਾਲਸਾ ਸਾਜਨਾ ਦਿਵਸ ਦੇ ਸਬੰਧ ਵਿੱਚ ਤਿੰਨ ਰੋਜ਼ਾ
ਮਹਾਨ ਗੁਰਮਤਿ ਸਮਾਗਮ

ਗੁਰਦੁਆਰਾ ਸ੍ਰੀ ਨਾਮਦੇਵ ਭਵਨ, ਅਕਾਲਸਰ ਰੋਡ, ਮੋਗਾ ਵਿਖੇ ਮਿਤੀ 25-26-27 ਮਾਰਚ, 2025 ਦਿਨ ਮੰਗਲਵਾਰ, ਬੁੱਧਵਾਰ ਅਤੇ ਵੀਰਵਾਰ ਸ਼ਾਮ 6.00 ਤੋਂ 9.15 ਵਜੇ ਤੱਕ ਦੀਵਾਨ ਸਜਾਏ ਜਾਣਗੇ । ਜਿਸ ਵਿੱਚ ਪੰਥ ਦੇ ਮਹਾਨ ਕੀਰਤਨ, ਕਥਾ ਵਾਚਕ, ਢਾਡੀ, ਕਵਿਸ਼ਰੀ ਸਿੰਘ ਹਾਜ਼ਰੀਆਂ ਭਰਨਗੇ ਇਸ ਹੋ ਰਹੇ ਮਹਾਨ ਗੁਰਮਤਿ ਸਮਾਗਮ ਵਿੱਚ ਪਹੁੰਚ ਕੇ ਲਾਹੇ ਪ੍ਰਾਪਤ ਕਰੋ ਜੀ ।

ਮਿਤੀ 25 ਮਾਰਚ, 2025
ਦਿਨ ਮੰਗਲਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਕਥਾ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਨਿਰਮਲ ਸਿੰਘ ਧੂਲਕੋਟ)

ਮਿਤੀ 26 ਮਾਰਚ, 2025
ਦਿਨ ਬੁੱਧਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਭਾਈ ਸੁਖਵਿੰਦਰ ਸਿੰਘ ਢਾਡੀ ਜੱਥਾ)

ਮਿਤੀ 27 ਮਾਰਚ, 2025
ਦਿਨ ਵੀਰਵਾਰ
ਰਹਿਰਾਸ ਸਾਹਿਬ --- 6:00 ਤੋਂ 6:30 ਵਜੇ ਤੱਕ
ਕੀਰਤਨ --- 6:30 ਤੋਂ 7:00 ਵਜੇ ਤੱਕ
(ਕੀਰਤਨ ਭਾਈ ਸੋਹਣ ਸਿੰਘ ਹਜੂਰੀ ਜੱਥਾ)
ਕਵਿਸ਼ਰੀ --- 7:00 ਤੋਂ 7:40 ਵਜੇ ਤੱਕ
(ਭਾਈ ਵਰਿਆਮ ਸਿੰਘ ਸਲੀਣਾ ਕਵਿਸ਼ਰੀ ਜੱਥਾ)
ਢਾਡੀ --- 7:40 ਤੋਂ 9:15 ਵਜੇ ਤੱਕ
(ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਸੁਖਦੇਵ ਸਿੰਘ ਡੱਲਾ)







ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਸੁਖਦੇਵ ਸਿੰਘ ਡੱਲਾ



ਪੰਥ ਦੇ ਮਹਾਨ ਕਥਾ ਵਾਚਕ
ਗਿਆਨੀ ਨਿਰਮਲ ਸਿੰਘ ਧੂਲਕੋਟ

ਅੰਮ੍ਰਿਤ ਛਕੋ ਸਿੰਘ ਸਜੋ - ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ
ਧੰਨ ਧੰਨ ਮਾਤਾ ਸਾਹਿਬ ਕੌਰ ਜੀ ਦੇ ਪੁੱਤਰੋ ਧੀਓ ਅੰਮ੍ਰਿਤ ਧਾਰੀ ਹੋ ਕੇ ਜੀਓ।

ਮਿਤੀ 28 ਮਾਰਚ, 2025 ਦਿਨ ਸ਼ੁਕਰਵਾਰ ਨੂੰ ਸਵੇਰੇ 11:30 ਵਜੇ ਮਹਾਨ ਅੰਮ੍ਰਿਤ ਸੰਚਾਰ ਹੋਵੇਗਾ। ਅੰਮ੍ਰਿਤ ਅਭਿਲਾਖੀ ਪ੍ਰਾਣੀ ਕੇਸੀ ਇਸ਼ਨਾਨ ਕਰਕੇ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ। ਕਕਾਰਾਂ ਦੀ ਸੇਵਾ ਫਰੀ ਕੀਤੀ ਜਾਵੇਗੀ।

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :
ਭਾਈ ਗੁਰਮੀਤ ਸਿੰਘ ਸਲੀਣਾ (UK) 73409-17046
ਭਾਈ ਹਰਮੇਲ ਸਿੰਘ ਮੋਗਾ 94171-39213

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਵੱਲੋਂ : ਗੁਰਦੁਆਰਾ ਨਾਮਦੇਵ ਭਵਨ ਪ੍ਰਬੰਧਕੀ ਕਮੇਟੀ, ਮੋਗਾ
ਮੋ: 99156-86386

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

**Important Note:** The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com


ੴ ਸਤਿਗੁਰ ਪ੍ਰਸਾਦਿ ॥
ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ
ਪ੍ਰਗਟਿਓ ਖਾਲਸਾ ਅਤੇ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ
ਕਥਾ ਕੀਰਤਨ ਦਰਬਾਰ
ਮਿਤੀ 4, 5, 6, 7, 8 ਅਪ੍ਰੈਲ 2025 ਸਮਾਂ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ
ਪਿੰਡ ਮੜੌਲੀ ਕਲਾਂ (ਸ਼ਹਿਰ ਮੋਰਿੰਡਾ)
ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਤਖਤ ਸ੍ਰੀ ਕੇਸਗੜ੍ਹ ਸਾਹਿਬ
ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਸਾਬਕਾ ਜਥੇਦਾਰ
ਸੰਤ ਬਾਬਾ ਗੁਰਦਿਆਲ ਸਿੰਘ ਜੀ ਟਾਂਡੇ ਵਾਲੇ
ਜਥੇਦਾਰ ਬਾਬਾ ਬਲਜੀਤ ਸਿੰਘ ਜੀ ਦਾਦੂਵਾਲ ਸਾਹਿਬ
ਬਾਬਾ ਗੁਲਾਬ ਸਿੰਘ ਜੀ ਸ੍ਰੀ ਚਮਕੌਰ ਸਾਹਿਬ
ਭਾਈ ਸੁਰਿੰਦਰਪਾਲ ਸਿੰਘ ਸੋਢੀ ਮੋਰਿੰਡੇ ਵਾਲੇ
ਬੇਨਤੀ ਕਰਤਾ: ਦਾਸ ਸੁਰਿੰਦਰਪਾਲ ਸਿੰਘ ਸੋਢੀ (ਮੋਰਿੰਡੇ ਵਾਲੇ) ਅਤੇ ਸਮੂਹ ਨਗਰ ਨਿਵਾਸੀ ਸਾਧ ਸੰਗਤ ਪਿੰਡ ਮੜੌਲੀ ਕਲਾਂ 84373-90114


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ
29ਵਾਂ ਸਲਾਨਾ ਜੋੜ ਮੇਲਾ
ਗੁਰਮਤਿ ਸਮਾਗਮ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ
ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ,
ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ,
ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਨੋਟ : ਇਹ ਸਮਾਗਮ 13 ਦਿਨ ਚੱਲੇਗਾ
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ।
ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404
ਸੰਪਰਕ ਨੰਬਰ
98141-27470
84278-66404
73408-35137

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥



ਸਿੱਖ ਸੰਘਰਸ਼ ਦੇ ਮਹਾਨ ਜਰਨੈਲ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਮੁਖੀ ਜਥੇਦਾਰ ਵਧਾਵਾ ਸਿੰਘ ਬੱਬਰ ਦੇ ਭੈਣ ਜੀ ਬਲਬੀਰ ਕੌਰ ਜੀ ਦੇ ਪਤੀ ਮੌਜੂਦਾ ਸਿੱਖ ਸੰਘਰਸ਼ ਦੌਰਾਨ ਤਸ਼ੱਦਦ ਝੱਲਣ ਵਾਲੇ

# ਸਰਦਾਰ ਗੁਰਨਾਮ ਸਿੰਘ ਭੰਗਾਲਾ

ਜੋ ਬੀਤੇ ਦਿਨੀਂ 16 ਮਾਰਚ ਨੂੰ ਗੁਰਪੁਰੀ ਜਾ ਬਿਰਾਜੇ ਹਨ ਉਨ੍ਹਾਂ ਦਾ ਅੰਤਿਮ ਸੰਸਕਾਰ ਮਿਤੀ 19 ਮਾਰਚ ਨੂੰ ਪਿੰਡ ਭੰਗਾਲਾ, ਤਹਿਸੀਲ ਫਿਲੌਰ ਜਿਲ੍ਹਾ ਜਲੰਧਰ ਨੇੜ੍ਹੇ ਨੂਰਮਹਿਲ ਵਿਖੇ ਹੋਵੇਗਾ ਅਤੇ ਅੰਤਿਮ ਅਰਦਾਸ 25 ਮਾਰਚ ਦਿਨ ਮੰਗਲਵਾਰ ਨੂੰ ਹੋਵੇਗੀ।

## ਆਪ ਸਭ ਸੰਗਤਾਂ ਨੇ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।

ਗੁਰੂ ਪੰਥ ਦੇ ਦਾਸ

ਭਾਈ ਬਖਸ਼ੀਸ਼ ਸਿੰਘ ਮੁਖੀ ਅਖੰਡ ਕੀਰਤਨੀ ਜਥਾ ਭਾਰਤ, ਭਾਈ ਭੁਪਿੰਦਰ ਸਿੰਘ ਪਹਿਲਵਾਨ ਮੁਖੀ ਅਖੰਡ ਕੀਰਤਨੀ ਜਥਾ ਜਰਮਨੀ ।
ਹਵਾਰਾ ਕਮੇਟੀ ਵਲੋਂ ਬਾਪੂ ਗੁਰਚਰਨ ਸਿੰਘ, ਪ੍ਰੋਫੈਸਰ ਬਲਜਿੰਦਰ ਸਿੰਘ, ਮਹਾਵੀਰ ਸਿੰਘ ਸੁਲਤਾਨਵਿੰਡ, ਸ੍ਰ.ਦਰਸ਼ਨ ਸਿੰਘ, ਉਤਮਪ੍ਰੀਤ ਸਿੰਘ ਅਤੇ ਜਸਪਾਲ ਸਿੰਘ

ਸੰਪਰਕ : 8146215678

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ ਜੀ



# ਹੋਲੇ ਮਹੱਲੇ ਸਮਰਪਿਤ ਨਗਰ ਕੀਰਤਨ ਸਜਾਇਆ ਜਾਵੇਗਾ

# ਐਤਵਾਰ 30 ਮਾਰਚ 2025

ਗੁਰਤਾਗੱਦੀ ਦਿਵਸ : ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ।

ਗੁਰਤਾਗੱਦੀ ਦਿਵਸ : ਧੰਨ ਸ਼੍ਰੀ ਗੁਰੂ ਅਰਜਨ ਦੇਵ ਸਾਹਿਬ ਜੀ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਪਰਿਵਾਰਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ਸਮੂਹ ਸਾਧ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਵੱਧ ਤੋਂ ਵੱਧ ਸਾਕ ਸਬੰਧੀਆਂ ਰਿਸ਼ਤੇਦਾਰਾਂ ਦੋਸਤਾਂ-ਮਿੱਤਰਾਂ ਨੂੰ ਸ਼ੇਅਰ ਜ਼ਰੂਰੀ ਕਰੋ

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


ਕਰੋ ਕਿਰਪਾ ਨਿਧਿ ਬਚਨ ਅਮੋਲਾ ॥ ਔਰਨ ਕੀ ਹੋਲੀ ਮਮ ਹੋਲਾ ॥
ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ
ਦਮਦਮੀ ਟਕਸਾਲ ਇਟਲੀ
ਘੜੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
ਹੋਲੇ ਮਹੱਲੇ ਨੂੰ ਸਮਰਪਿਤ
ਮਹਾਨ ਨਗਰ ਕੀਰਤਨ
30 ਮਾਰਚ 2025 ਦਿਨ ਐਤਵਾਰ ਨੂੰ ਸਜਾਏ ਜਾ ਰਹੇ ਹਨ|
ਸਮਾਂ : 12 ਵਜੇ ਤੋ ਸ਼ਾਮ 5 ਵਜੇ ਤੱਕ
ਆਪ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਪੁਹੁੰਚਣ ਦੀ ਕਿਰਪਾਲਤਾ ਕਰਨੀ|
ਕੌਮ ਦੇ ਮਹਾਨ ਰਾਗੀ ਢਾਡੀ, ਕਥਾਵਾਚਕ ਪੁਹੁੰਚ ਰਹੇ ਹਨ|
ਆਵਾਜ਼ਿ ਕੌਮ AWAZE QAUM
International Newspaper & WEB TV
VIA GIACOMO MATTEOTTI N.3
CASALMORANO, CR, 26020, IT
EMAIL: GUR.DAMDAMITAKSAALITALY@GMAIL.COM
CALL +393475711755 / 3208124778



ਪੰਥ ਬਚਾਓ



ਪੰਜਾਬ ਬਚਾਓ



ਉੱਠੋ ! ਜਾਗੋ ! ਹੰਭਲਾ ਮਾਰੋ, ਆਪਣਾ ਦੇਸ਼ ਪੰਜਾਬ ਸਵਾਰੋ

# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਥ ਅਤੇ ਪੰਜਾਬ ਨੂੰ ਬਚਾਉਣ ਦੀ ਅਪੀਲ

## ਪੰਜਾਬ ਦੇ ਸੂਝਵਾਨ ਅਤੇ ਸੋਚਵਾਨ ਭੈਣੋਂ ਅਤੇ ਭਰਾਵੋ

ਅੱਜ ਪੰਥ ਅਤੇ ਪੰਜਾਬ ਦੀ ਜੋ ਦੁਰਦਸ਼ਾ ਧਾਰਮਿਕ ਅਤੇ ਸਿਆਸੀ ਲੋਕਾਂ ਨੇ ਕੀਤੀ ਹੈ, ਇਸ ਤੋਂ ਤੁਸੀਂ ਭਲੀ ਭਾਂਤ ਜਾਣੂ ਹੋ। ਇਹਨਾਂ ਸਮੱਸਿਆਵਾਂ ਨੂੰ ਸੁਲਝਾਉਣ ਲਈ ਪੰਜਾਬ ਦਾ ਦਰਦ ਰੱਖਣ ਵਾਲੇ ਲੋਕਾਂ ਨੇ ਵਾਰਿਸ ਪੰਜਾਬ ਦੇ ਬਣ ਕੇ ਤੁਹਾਡਾ ਸਹਿਯੋਗ ਮੰਗਿਆ ਹੈ, ਕਿ ਆਉ ਰਲ ਕੇ ਬੈਠੀਏ ਤੇ ਸਮੱਸਿਆਵਾਂ ਨੂੰ ਹੱਲ ਕਰਨ ਦੇ ਯਤਨ ਕਰੀਏ। ਇਹ ਇਕੱਲੇ ਜਾਂ ਦੋ ਚਾਰਾ ਬੰਦਿਆ ਦਾ ਕੰਮ ਨਹੀਂ ਬਲਕਿ ਸਮੁੱਚੇ ਪੰਜਾਬ ਨੂੰ 'ਪੰਜਾਬ ਦਾ ਵਾਰਿਸ' ਬਣਨਾ ਪਵੇਗਾ । ਇਸ ਲਈ ਅਪੀਲ ਕਰਦੇ ਹਾਂ ਕਿ ਹੇਠ ਲਿਖੇ ਮੁੱਦਿਆਂ ਤੇ ਇੱਕ ਮੱਤ ਹੋ ਕੇ ਇਹਨਾਂ ਨੂੰ ਸੁਲਝਾਉਣ ਦਾ ਯਤਨ ਕਰੀਏ ਅਤੇ ਹਰੇਕ ਪੰਜਾਬ ਵਾਸੀ ਨੂੰ ਹੱਥ ਜੋੜ ਕੇ ਬੇਨਤੀ ਹੈ ਕਿ ਜੋ ਵੀ ਵਿਚਾਰ 'ਪੰਥ ਅਤੇ ਪੰਜਾਬ' ਨੂੰ ਬਚਾਉਣ ਲਈ ਉਹਨਾਂ ਦੇ ਜ਼ਿਹਨ ਵਿੱਚ ਆਉਂਦੇ ਹਨ ਉਹ 14 ਅਪ੍ਰੈਲ 2025 ਵਿਸਾਖੀ ਵਾਲੇ ਦਿਨ 'ਤਖ਼ਤ ਸ੍ਰੀ ਦਮਦਮਾ ਸਾਹਿਬ', ਤਲਵੰਡੀ ਸਾਬੋ ਵਿਖੇ ਕਾਨਫ਼ਰੰਸ ਵਿੱਚ ਸ਼ਾਮਿਲ ਹੋ ਕੇ ਲਿਖ਼ਤੀ ਰੂਪ ਵਿੱਚ ਦੇਵੋ ਜੀ।

### ਧਾਰਮਿਕ ਮਸਲੇ :-

1. ਅਕਾਲ ਤਖ਼ਤ ਸਾਹਿਬ ਦੀ ਸਰਵ ਉੱਚਤਾ
2. ਸ਼੍ਰੋਮਣੀ ਕਮੇਟੀ ਦੀ ਬਣਤਰ
3. ਸਿੱਖ ਵਿੱਦਿਅਕ ਬੋਰਡ
4. ਸਿੰਘ ਸਹਿਬਾਨਾਂ ਦੀ ਨਿਯੁਕਤੀ ਅਤੇ ਸੇਵਾ ਮੁਕਤੀ
5. ਸ਼੍ਰੋਮਣੀ ਕਮੇਟੀ ਦੇ ਕਾਰਜ
6. ਬੰਦੀ ਸਿੰਘਾਂ ਦੀ ਰਿਹਾਈ
7. ਬੇਅਦਬੀ ਘਟਨਾਵਾਂ ਦੀ ਰੋਕ ਅਤੇ ਇਨਸਾਫ਼
8. ਪੰਜਾਬ ਤੋਂ ਬਾਹਰ ਦੇ ਗੁਰੁਦੁਆਰਿਆਂ ਦੀ ਸਾਂਭ ਸੰਭਾਲ



### ਪੰਜਾਬ ਦੇ ਮਸਲੇ :-

1. ਨਸ਼ਿਆਂ ਤੋਂ ਮੁਕਤੀ ਲਈ ਸੁਝਾਅ
2. ਬੇਰੁਜ਼ਗਾਰੀ, ਸਵੈ-ਰੁਜ਼ਗਾਰੀ ਦੇ ਪ੍ਰਬੰਧ
3. ਕਿਸਾਨੀ ਪੈਦਾਵਾਰ, ਫਸਲੀ ਵਿਭਿੰਨਤਾ ਅਤੇ ਮੰਡੀਕਰਨ
4. ਵਿੱਦਿਆ ਦਾ ਪ੍ਰਬੰਧ
5. ਜਨਤਕ ਸਿਹਤ ਦਾ ਸਮੁੱਚਾ ਪ੍ਰਬੰਧ
6. ਲਾਲ ਲਕੀਰ ਮੰਦਰ ਆਉਂਦੀ ਜਾਇਦਾਦ ਦੀ ਮਲਕੀਅਤ
7. ਲੋਕ ਸੁੱਰਖਿਆ, ਫਿਰੌਤੀਆਂ ਰੋਕਣ ਦਾ ਪ੍ਰਬੰਧ
8. ਖੇਤੀ ਸਿੰਚਾਈ ਢਾਂਚਾ
9. ਧਰਤੀ ਹੇਠ ਖਤਮ ਹੋ ਰਹੇ ਪਾਣੀ ਦਾ ਪ੍ਰਬੰਧ
10. ਕਿਸਾਨ ਖ਼ੁਦਕੁਸ਼ੀ ਅਤੇ ਕਰਜ਼ਾ ਮੁਕਤੀ
11. ਉਦਯੋਗ ਵਿਕਾਸ
12. ਬਿਜਲੀ ਪ੍ਰਬੰਧ
13. ਵਾਤਾਵਰਣ ਪ੍ਰਦੂਸ਼ਣ
14. ਪੰਜਾਬ ਤੋਂ ਵਿਦੇਸ਼ਾਂ ਵਿੱਚ ਪ੍ਰਵਾਸ ਅਤੇ ਪੰਜਾਬ ਵਿੱਚ ਦੂਜੇ ਰਾਜਾਂ ਤੋਂ ਪ੍ਰਵਾਸ
15. ਚੰਡੀਗੜ੍ਹ ਅਤੇ ਪੰਜਾਬੀ ਬੋਲਦੇ ਇਲਾਕੇ
16. ਰਾਜਾਂ ਦੇ ਵੱਧ ਅਧਿਕਾਰ
17. ਪੰਜਾਬ ਦੀ ਆਰਥਿਕ ਵਿਵਸਥਾ
18. ਸਹਿਕਾਰਤਾ ਖੇਤਰ ਦਾ ਵਿਕਾਸ
19. ਪੀਣ ਵਾਲੇ ਸ਼ੁੱਧ ਪਾਣੀ ਦਾ ਪ੍ਰਬੰਧ
20. ਅੰਤਰ-ਰਾਜੀ ਜਲ ਸਮਝੌਤੇ
21. ਪੰਜਾਬੀ ਬੋਲੀ ਅਤੇ ਸੱਭਿਆਚਾਰ
22. ਖਾਣ ਪੀਣ ਦੀਆਂ ਵਸਤਾਂ ਵਿੱਚ ਮਿਲਾਵਟ ਖੋਰੀ
23. ਪਿੰਡਾਂ ਅਤੇ ਸ਼ਹਿਰਾਂ ਦੇ ਗੰਦੇ ਪਾਣੀ ਦਾ ਨਿਕਾਸ
24. ਧਰਤੀ ਹੇਠ ਪ੍ਰਦੂਸ਼ਿਤ ਹੋ ਰਿਹਾ ਪਾਣੀ ਅਤੇ ਦਰਿਆਵਾਂ, ਨਹਿਰਾਂ ਵਿੱਚ ਪੈ ਰਹੇ ਪ੍ਰਦੂਸ਼ਿਤ ਪਾਣੀ ਦਾ ਟਰੀਟਮੈਂਟ ਪਲਾਂਟ ਪ੍ਰਬੰਧ
25. ਹੁਸੈਨੀ ਵਾਲਾ ਅਤੇ ਵਾਹਗਾ ਬਾਡਰ ਰਾਹੀਂ ਖੁੱਲ੍ਹਾ ਵਪਾਰ
26. ਮਨਰੇਗਾ ਵਿੱਚ ਰੋਜ਼ਗਾਰ ਦੇ ਵਿਸਥਾਰ ਬਾਰੇ



ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਅਕਾਲ ਸਹਾਇ

# ਗੁਰਮਤਿ ਸਿਧਾਂਤ ਪ੍ਰਚਾਰਕ ਸੰਤ ਸਮਾਜ (ਰਜਿ.)
# Gurmat Sidhant Parcharak Sant Samaj (Regd.)

ਮੁੱਖ ਦਫ਼ਤਰ : ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਪਿੰਡ ਤੇ ਡਾਕਖਾਨਾ ਮਹਿਤਾ, ਜ਼ਿਲ੍ਹਾ ਅੰਮ੍ਰਿਤਸਰ - 143114 (ਪੰਜਾਬ)
H.O.: Gurdwara Gurdarshan Parkash, V.P.O. Mehta, Distt. Amritsar - 143114 (Punjab)

## ਰੋਸ ਧਰਨੇ ਲਈ 28 ਮਾਰਚ ਦਿਨ ਸ਼ੁੱਕਰਵਾਰ ਨੂੰ ਸਵੇਰੇ 11 ਵਜੇ ਗੋਲਡਨ ਗੇਟ ਸ੍ਰੀ ਅੰਮ੍ਰਿਤਸਰ ਤੋਂ ਕਾਫਲੇ ਦੇ ਰੂਪ 'ਚ ਚੱਲਿਆ ਜਾਵੇਗਾ : ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ॥

ਆਪ ਜੀ ਨੂੰ ਸਨਿਮਰ ਬੇਨਤੀ ਹੈ ਕਿ ਮਿਤੀ 14 ਮਾਰਚ 2025 ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਈ ਪੰਥਕ ਇਕੱਤਰਤਾ ਵਿੱਚ ਲਏ ਗਏ ਫੈਸਲੇ ਅਨੁਸਾਰ ਸ੍ਰੀ ਅਕਾਲ ਤਖਤ ਸਾਹਿਬ, ਤਖਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਸਨਮਾਨ ਦੀ ਬਹਾਲੀ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਇਜਲਾਸ ਮੌਕੇ **28 ਮਾਰਚ ਦਿਨ ਸ਼ੁਕਰਵਾਰ ਸਵੇਰੇ 11:30 ਵਜੇ ਸ੍ਰ. ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ** ਵਿਖੇ **ਰੋਸ ਧਰਨਾ** ਦਿੱਤਾ ਜਾਵੇਗਾ। ਆਪ ਜੀ ਨੇ ਆਪਣੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੂੰ ਨਾਲ ਲੈ ਕੇ ਦਰਸ਼ਨ ਦੇਣ ਦੀ ਕਿਰਪਾਲਤਾ ਕਰਨੀ ਜੀ।

ਨੋਟ:- ਗੋਲਡਨ ਗੇਟ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਸਵੇਰੇ 11 ਵਜੇ ਕਾਫਲੇ ਦੇ ਰੂਪ ਵਿੱਚ ਚਲਿਆ ਜਾਵੇਗਾ। ਕਿਰਪਾ ਕਰਕੇ ਸਮੇਂ ਸਿਰ ਪਹੁੰਚਿਆ ਜਾਵੇ ਜੀ।



ਹਰਨਾਮ ਸਿੰਘ ਖਾਲਸਾ

ਗੁਰੂ ਪੰਥ ਦਾ ਦਾਸ:
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ।

**ਸਮੂਹ ਸੰਗਤਾਂ ਪਰਿਵਾਰਾਂ ਸਮੇਤ ਕਾਫਲੇ 'ਚ ਸ਼ਾਮਲ ਹੋ ਕੇ ਰੋਸ ਧਰਨੇ 'ਚ ਪਹੁੰਚਣ ਦੀ ਕ੍ਰਿਪਾਲਤਾ ਕਰਨ ਜੀ**

ਆਵਾਜ਼ਿ ਕੌਮ AWAZE QAUM International Newspaper & WEB TV

Tel.: 01853-256426, (M) 98158-00904





# ਜੱਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ ਦੇ 202 ਸਾਲਾ ਸ਼ਹੀਦੀ ਦਿਹਾੜੇ ਮੌਕੇ ਕਰਵਾਏ ਗਏ ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ: ਪਰਮਜੀਤ ਸਿੰਘ ਵੀਰਜੀ

**ਨਵੀਂ ਦਿੱਲੀ 23 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਗੁਰੂਬਾਣੀ ਰਿਸਰਚ ਫਾਉਂਡੇਸ਼ਨ ਵਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ, ਅਸ਼ੋਕ ਨਗਰ, ਤਿਲਕ ਨਗਰ ਅਤੇ ਜੱਥਾ ਅਕਾਲੀ ਬਾਬਾ ਫੂਲਾ ਸਿੰਘ ਜੀ ਸ਼ਹੀਦ ਰਜਿ. (ਦਿੱਲੀ) ਦੇ ਵਿਸ਼ੇਸ਼ ਸਹਿਯੋਗ ਨਾਲ ਨਿਹੰਗ ਸਿੰਘ ਜਥੇਬੰਦੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਛੇਵੇਂ ਮੁਖੀ ਅਤੇ ਅਕਾਲ

ਆਵਾਜ਼ਿ ਕੌਮ AWAZE QAUM
International Newspaper & WEB TV

ਤਖ਼ਤ ਦੇ ਨਿਧੜਕ ਜਥੇਦਾਰ ਵਜੋਂ ਜਾਣੇ ਜਾਂਦੇ ਅਕਾਲੀ ਬਾਬਾ ਫੂਲਾ ਸਿੰਘ ਦੇ 202 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ ਕਰਵਾਇਆ ਗਿਆ । 22 ਮਾਰਚ ਨੂੰ ਦੁਪਹਿਰ 12 ਵਜੇ ਅੰਮ੍ਰਿਤ ਸੰਚਾਰ ਕਰਵਾਏ ਗਏ ਸਨ ਜਿਸ ਅੰਦਰ ਸੈਕੜੇ ਪ੍ਰਾਣੀ ਗੁਰੂ ਵਾਲੇ ਬਣੇ । ਬੀਤੇ ਦਿਨ ਸੰਧਿਆਂ ਵੇਲੇ ਸੋਦਰ ਦੇ ਪਾਠ ਉਪਰੰਤ ਦੀਵਾਨ ਸਜਾਏ ਗਏ ਜਿਨ੍ਹਾਂ ਵਿਚ ਪੰਥ ਪ੍ਰਸਿੱਧ ਜੱਥੇ ਭਾਈ ਕਵਨੀਤ ਸਿੰਘ ਅਤੇ ਭਾਈ ਬਿੰਦਰ ਸਿੰਘ ਜੀ ਸ੍ਰੀ ਦਮਦਮਾ ਸਾਹਿਬ ਵਾਲੇਆਂ ਨੇ ਹਾਜ਼ਿਰੀ ਭਰ ਕੇ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਿਆ ਸੀ । ਕਥਾਵਾਚਕ ਗਿਆਨੀ ਸੁਰਿੰਦਰ ਸਿੰਘ ਜੀ ਸਮਰਾਟ ਬੁੱਢਾ ਦਲ ਨੇ ਸੰਗਤਾਂ ਨੂੰ ਅਕਾਲੀ ਬਾਬਾ ਫੂਲਾ ਸਿੰਘ ਦੇ ਜੀਵਨ ਇਤਿਹਾਸ ਬਾਰੇ ਦਸਿਆ ਅਤੇ ਕਵੀਸ਼ਰੀ ਜੱਥਾ ਭਾਈ ਸੁਖਬੀਰ ਸਿੰਘ ਨੇ ਕਵੀਸ਼ਰੀ ਵਾਰਾਂ ਦੇ ਨਾਲ ਅਕਾਲੀ ਬਾਬਾ ਫੂਲਾ ਸਿੰਘ ਦੇ ਪ੍ਰਸੰਗ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਿੱਤਾ ਸੀ । ਸਟੇਜ ਸਕੱਤਰ ਦੀ ਸੇਵਾ ਭਾਈ ਪਰਮਜੀਤ ਸਿੰਘ ਮੁੱਖੀ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਅਤੇ ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਮੁੱਖੀ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ ਸੀ ਉਨ੍ਹਾਂ ਨੇ ਸੰਗਤਾਂ ਨੂੰ ਦਿੱਲੀ ਅੰਦਰ ਬਣੀ ਤੀਸ ਹਜ਼ਾਰੀ ਕੋਰਟ ਅਤੇ ਮੋਰੀ ਗੇਟ ਦਾ ਇਤਿਹਾਸ ਦਸਿਆ ਕਿ ਕਿਸ ਤਰ੍ਹਾਂ ਇਹ ਸਿੱਖ ਇਤਿਹਾਸ ਦੇ ਸੁਨਿਹਿਰੀ ਪੰਨੇ ਹਨ । ਸਮਾਗਮ ਵਿਚ ਅੰਮ੍ਰਿਤ ਸੰਚਾਰ ਕਰਵਾਉਣ ਵਾਲੇ ਪੰਜ ਪਿਆਰੇ ਸਾਹਿਬਾਨ, ਕੀਰਤਨੀ ਜੱਥੇ, ਕਵੀਸ਼ਵਰੀ






ਜੱਥਾ, ਕਥਾਵਾਚਕ ਗਿਆਨੀ ਸ਼ਮਸ਼ੇਰ ਸਿੰਘ ਜੀ, ਐਮ ਐਲ ਏ ਆਸ਼ਿਸ਼ ਸੂਦ ਅਤੇ ਪ੍ਰੋਗਰਾਮ ਕਰਵਾਉਣ ਵਿਚ ਸਹਿਯੋਗ ਕਰਣ ਵਾਲੇ ਸਮੂਹ ਸੱਜਣਾ ਨੂੰ ਸਿਰਪਾਓ ਭੇਂਟ ਕਰਕੇ ਸਨਮਾਨਿਤ ਅਤੇ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ ਸੀ । ਬੱਚਿਆਂ ਨੂੰ ਗੁਰਇਤਿਹਾਸ ਅਤੇ ਗੁਰਬਾਣੀ ਨਾਲ ਜੋੜਨ ਲਈ ਭਾਈ ਪਰਮਜੀਤ ਸਿੰਘ ਵੀਰਜੀ ਵਲੋਂ ਵੱਖ ਵੱਖ ਉਪਰਾਲੇ ਕੀਤੇ ਜਾਂਦੇ ਹਨ । ਉਨ੍ਹਾਂ ਦਸਿਆ ਕਿ ਮਈ ਵਿਚ ਇਕ ਗੁਰਬਾਣੀ ਕੰਠ ਲਹਿਰ ਤਹਿਤ ਦਿੱਲੀ ਹਾਟ ਵਿਚ ਮੁਕਾਬਲੇ ਕਰਵਾਏ ਜਾ ਰਹੇ ਹਨ ਜਿਨ੍ਹਾਂ ਵਿਚ ਵਡੀ ਗਿਣਤੀ ਅੰਦਰ ਮੋਬਾਈਲ ਫੋਨ ਸਮੇਤ ਵੱਡੇ ਵੱਡੇ ਇਨਾਮ ਦਿੱਤੇ ਜਾਣੇ ਹਨ, ਜਿਸ ਨੂੰ ਲੈ ਕੇ ਬੱਚਿਆਂ ਵਿਚ ਭਾਰੀ ਉਤਸ਼ਾਹ ਦੇਖਿਆ ਜਾ ਰਿਹਾ ਹੈ ਅਤੇ ਇਸ ਲਈ ਗੁਰਬਾਣੀ ਕੰਠ ਮੁਕਾਬਲੇ ਦੇ ਟੈਸਟ ਵੱਖ ਵੱਖ ਪੜਾਵਾਂ ਅੰਦਰ ਗੁਰਦੁਆਰਾ ਸਿੰਘ ਸਭਾ ਅਸ਼ੋਕ ਨਗਰ ਵਿਖ਼ੇ ਹੋਣੇ ਹਨ । ਇਸ ਮੌਕੇ ਦਲਜੀਤ ਸਿੰਘ ਸੱਚਰ, ਨਿਰਮਲ ਸਿੰਘ, ਅਮਰਜੀਤ ਸਿੰਘ ਬਰਾੜ, ਅਮਰਜੀਤ ਸਿੰਘ ਸਹਿਗਲ, ਅਮਰਜੀਤ ਸਿੰਘ ਹੀਰਾ, ਸੁਰਜੀਤ ਸਿੰਘ ਦੁੱਗਲ ਅਤੇ ਐਮ ਐਲ ਏ ਆਸ਼ਿਸ਼ ਸੂਦ ਵੀਂ ਹਾਜਿਰ ਸਨ।

ਡਾਕਟਰ ਸੁਖਮਨਪ੍ਰੀਤ ਕੌਰ ਵੱਲੋਂ ਗੁਰ ਸਾਖੀ ਜੋਤਿ ਪਰਗਟੁ ਹੋਇ ਲਿਖੀ

# ਪੁਸਤਕ ਨੂੰ ਸ੍ਰ. ਮਜੀਠੀਆ ਨੇ ਕੀਤਾ ਰਿਲੀਜ਼



**ਮਹਿਤਾ ਚੌਂਕ, 23 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਪਿੰਡ ਉਦੋਕੇ ਜਿੱਥੇ ਗੁਰੂ ਸਾਹਿਬ ਨੇ ਆਪਣੇ ਚਰਨ ਪਾ ਕੇ ਇਸ ਨਗਰੀ ਨੂੰ ਪਵਿੱਤਰ ਕੀਤਾ ਉਥੇ ਹੀ ਇਥੋਂ ਦੇ ਵਸਨੀਕਾਂ ਵੱਲੋਂ ਸਮੇਂ ਸਮੇਂ ਤੇ ਆਪੋ ਆਪਣੇ ਕਾਰਜਾਂ ਵਿੱਚ ਮਹਾਨ ਸਫਲਤਾ ਪ੍ਰਾਪਤ ਕਰਕੇ ਪਿੰਡ ਦਾ ਨਾਂ ਰੋਸ਼ਨ ਕੀਤਾ ਇਸੇ ਨਗਰ ਦੇ ਜਮਪਲ ਸੁਖਮਨ ਪ੍ਰੀਤ ਕੌਰ ਪੁੱਤਰੀ ਸਰਦਾਰ ਜੋਗਿੰਦਰਜੀਤ ਸਿੰਘ ਰੰਧਾਵਾ ਨੇ ਪੜ੍ਹਾਈ ਦੇ ਖੇਤਰ ਵਿੱਚ ਮੱਲਾਂ ਮਾਰਦੇ ਹੋਏ ਪੀਐਚਡੀ ਦੀ ਡਿਗਰੀ ਪ੍ਰਾਪਤ ਕਰ ਆਪਣੇ ਨਾਮ ਨਾਲ ਡਾਕਟਰ ਸੁਖਮਨਪ੍ਰੀਤ ਕੌਰ ਲਵਾਇਆ। ਹਾਲ ਹੀ ਵਿੱਚ ਉਹਨਾਂ ਵੱਲੋਂ ਗੁਰ ਸਾਖੀ ਜੋਤ ਪਰਗਟੁ ਹੋਇ ਪੁਸਤਕ ਲਿਖੀ ਗਈ ਇਸ ਪੁਸਤਕ ਵਿੱਚ ਸਿੱਖਾਂ ਦੇ ਪਹਿਲੇ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸੰਬੰਧਿਤ ਸਾਖੀਆਂ ਦੀ ਵਿਗਿਆਨਿਕ ਅਤੇ ਤਰਕ ਪੂਰਕ ਵਿਆਖਿਆ ਕੀਤੀ ਗਈ ਹੈ ਇਸ ਪੁਸਤਕ ਨੂੰ ਰਸਮੀ ਤੌਰ ਤੇ ਸਾਬਕਾ ਕੈਬਨਿਟ ਮੰਤਰੀ ਸ੍ਰ ਬਿਕਰਮ ਸਿੰਘ ਮਜੀਠੀਆ ਵੱਲੋਂ ਰਿਲੀਜ਼ ਕੀਤਾ ਗਿਆ। ਇਸ ਮੌਕੇ ਮਜੀਠੀਆ ਨੇ ਕਿਹਾ ਕਿ ਡਾਕਟਰ ਸੁਖਮਨ ਪ੍ਰੀਤ ਕੌਰ ਵੱਲੋਂ ਗੁਰੂ ਨਾਨਕ ਸਾਹਿਬ ਜੀ ਦੇ ਜਨਮ ਸਾਖੀਆਂ ਸਬੰਧੀ ਇਸ ਕਿਤਾਬ ਨੂੰ ਪ੍ਰਕਾਸ਼ਿਤ ਕਰਕੇ ਬਹੁਤ ਵਧੀਆ ਉਪਰਾਲਾ ਕੀਤਾ ਤਾਂ ਜੋ ਸਾਡੀ ਨੌਜਵਾਨ ਪੀੜੀ ਧਾਰਮਿਕ ਪੁਸਤਕਾਂ ਦਾ ਅਧਿਅਨ ਕਰਕੇ ਗੁਰੂ ਸਾਹਿਬ ਦੇ ਦਿੱਤੇ ਉਪਦੇਸ਼ਾਂ ਨੂੰ ਆਪਣੇ ਜੀਵਨ ਵਿੱਚ ਗ੍ਰਹਿਣ ਕਰ ਸਕਣ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਡਾਕਟਰ ਸੁਖਮਨਪ੍ਰੀਤ ਕੌਰ ਨੇ ਕਿਹਾ ਕਿ ਇਸ ਪੁਸਤਕ ਨੂੰ ਅਮਲੀ ਰੂਪ ਦੇਣ ਪਿੱਛੇ ਬਾਬੇ ਨਾਨਕ ਜੀ ਦੀ ਸੱਚੀ ਸੁੱਚੀ ਹੱਥੀ ਕਿਰਤ ਕਰਨ ਦੇ ਸਿਧਾਂਤ ਪ੍ਰਤੀ ਮੇਰੀ ਅਥਾਹ ਸ਼ਰਧਾ ਹੈ। ਨਿਆਸਰਿਆਂ ਨੂੰ ਆਸਰਾ ਦੇਣ ਵਾਲੇ ਤੇ ਨਿਮਾਣਿਆਂ ਦਾ ਸਹਾਰਾ ਬਣਨ ਵਾਲੇ ਗੁਰੂ ਨਾਨਕ ਦੇਵ ਜੀ ਦੀ ਅਪਾਰ ਬਖਸ਼ਿਸ਼ ਸਮਝਦੀ ਹਾਂ ਜਿਨਾਂ ਨੇ ਆਪ ਵਿੱਚ ਸਹਾਈ ਹੋ ਕੇ ਮੇਰਾ ਇਹ ਆਰੰਭ ਕਾਰਜ ਸੰਪੂਰਨ ਕਰਵਾਇਆ। ਇਸ ਪੁਸਤਕ ਨੂੰ ਨੇਪਰੇ ਚੜ੍ਹਾਉਣ ਲਈ ਡਾਕਟਰ ਮਨਜਿੰਦਰ ਸਿੰਘ ਅਤੇ ਡਾਕਟਰ ਪਰਿੰਦਰ ਪਰਮਿੰਦਰ ਸਿੰਘ ਵੱਲੋਂ ਸਮੇਂ-ਸਮੇਂ ਸਿਰ ਦਿੱਤੇ ਗਿਆਨ ਭਰਪੂਰ ਤੇ ਵਡਮੁੱਲੇ ਵਿਦਿਅਕ ਸੁਝਾਅ ਲਈ ਮੈਂ ਉਹਨਾਂ ਦਾ ਬੇਹੱਦ ਧੰਨਵਾਦੀ ਹਾਂ। ਇਸ ਮੌਕੇ ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਸੰਦੀਪ ਸਿੰਘ, ਅਮਰਪਾਲ ਸਿੰਘ ਪਾਲੀ, ਦਿਲਬਾਗ ਸਿੰਘ ਕਲੇਰ, ਸਰਬਜੀਤ ਸਿੰਘ ਉਦੋਕੇ, ਗੁਰਵਿੰਦਰ ਸਿੰਘ, ਸਾਬਕਾ ਸਰਪੰਚ ਸੰਦੀਪ ਸਿੰਘ ਆਦਿ ਮੌਜੂਦ ਸਨ।

ਕੱਚੇ ਘਰ ਤੋਂ ਪੱਕਾ ਬਣਾਉਣ ਦਾ ਉਦਘਾਟਨ ਸੰਤ ਬਾਬਾ ਜਗਜੀਤ ਸਿੰਘ ਸਰਪੰਚ ਕਲੇਰਾਂ ਨੇ ਕੀਤਾ

# ਪਿੰਡ ਵਿੱਚ ਰਹਿੰਦੇ ਵਿਕਾਸ ਕਾਰਜ ਜਲਦੀ ਪੂਰੇ ਕੀਤੇ ਜਾਣਗੇ: ਸਰਪੰਚ ਜਗਜੀਤ ਸਿੰਘ ਕਲੇਰਾਂ



**ਸੇਰਪੁਰ ( ਰਣਜੀਤ ਸਿੰਘ ਪੇਧਨੀ )**-ਇਲਾਕੇ ਦੀ ਧਾਰਮਿਕ ਸਖਸ਼ੀਅਤ, ਪਿਛਲੇ ਲੰਮੇ ਸਮੇਂ ਤੋਂ ਸਮਾਜ ਸੇਵਾ ਦੇ ਵਿੱਚ ਵੱਡਾ ਯੋਗਦਾਨ ਪਾਉਣ ਵਾਲੇ ਸੰਤ ਬਾਬਾ ਜਗਜੀਤ ਸਿੰਘ ਸਰਪੰਚ ਕਲੇਰਾਂ ਵਾਲਿਆਂ ਦੀ ਅਗਵਾਈ ਹੇਠ ਪਿੰਡ ਵਿੱਚ ਵਿਕਾਸ ਕਾਰਜ ਜੰਗੀ ਪੱਧਰ ਤੇ ਚੱਲ ਰਹੇ ਹਨ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਪੰਚ ਜਗਜੀਤ ਸਿੰਘ ਕਲੇਰਾਂ ਨੇ ਕਿਹਾ ਕਿ ਗਰੀਬ ਪਰਿਵਾਰ ਦੇ ਕੱਚੇ ਮਕਾਨ ਤੋ ਪੱਕੇ ਮਕਾਨ ਬਣਾਉਣ ਦਾ ਕੰਮ ਵਾਰਡ ਨੰਬਰ 2 ਵਿੱਚ ਗਗਨਦੀਪ ਕੌਰ ਪਤਨੀ ਗੁਰਦਿੱਤ ਸਿੰਘ ਦੇ ਪਰਿਵਾਰ ਤੋ ਸੁਰੂ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਿੰਡ ਕਲੇਰਾਂ ਨੂੰ ਖੁਲੇ ਗੱਫੇ ਦੇ ਰਹੇ ਹਨ, ਮੁੱਖ ਮੰਤਰੀ ਦੇ ਦਫ਼ਤਰ ਇੰਚਾਰਜ ਸ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਵੱਲੋਂ ਹਰ ਸਮੇਂ ਨਗਰ ਦੀ ਸੇਵਾ ਵਿੱਚ ਰਹਿੰਦੇ ਹਨ ਉਹ ਜਦੋਂ ਵੀ ਪਿੰਡ ਆਉਦੇ ਹਨ ਕਹਿੰਦੇ ਹਨ ਕਿ ਸਰਪੰਚ ਸਾਬ ਕੋਈ ਸੇਵਾ ਦੱਸੋ ਜੀ, ਅਸੀਂ ਪਿੰਡ ਦੀਆਂ ਰਹਿੰਦਆ ਸਮੱਸਿਆਵਆਂ ਤੋਂ ਜਾਣੂ ਕਰਵਾ ਰਹੇ ਹਾਂ ਅਤੇ ਨਾਲ ਨਾਲ ਪਿੰਡ ਚ ਕੰਮ ਚੱਲੀ ਜਆ ਰਹੇ ਹਨ। ਇਸ ਮੌਕੇ ਵਾਰਡ ਦੇ ਮੈਂਬਰ ਪੰਚਾਇਤ ਗੁਰਮੇਲ ਸਿੰਘ ਹਾਜ਼ਰ ਸਨ।

# 'ਨਵੀਂ ਸੋਚ ਨਵਾਂ ਆਗਾਜ਼' ਸੈਮੀਨਾਰ 26 ਮਾਰਚ ਦਿਨ ਬੁੱਧਵਾਰ ਸਮਾਂ ਦੁਪਹਿਰ 12 ਤੋਂ 2 ਵਜੇ ਤੱਕ

## ਉਤਸ਼ਾਹ,ਜ਼ਿੰਦਗੀ ਜਿਉਣ ਦਾ ਢੰਗ ਨੌਜਵਾਨ ਬੱਚੇ-ਬੱਚੀਆਂ ਲਈ ਸਮਾਗਮ-ਭਾਈ ਅਮਨਦੀਪ ਸਿੰਘ



**ਚੌਕ ਮਹਿਤਾ, 23 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਬਾਬਾ ਦੀਪ ਸਿੰਘ ਟਰੱਸਟ ਦੇ ਮੁੱਖੀ ਭਾਈ ਗੁਰਇਕਬਾਲ ਸਿੰਘ,ਭਾਈ ਅਮਨਦੀਪ ਸਿੰਘ ਜੀ ਵੱਲੋਂ ਨੌਜਵਾਨਾਂ ਲਈ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਮਿਤੀ 26 ਮਾਰਚ ਦਿਨ ਬੁੱਧਵਾਰ ਸਮਾਂ ਦੁਪਹਿਰ 12 ਤੋਂ 2 ਵਜੇ ਤੱਕ ਆਰਟ ਗੈਲਰੀ ਐਮ-ਐਮ ਮਾਲਵੀਆ ਰੋਡ,ਸਾਹਮਣੇ ਕੰਪਨੀ ਬਾਗ ,ਅੰਮ੍ਰਿਤਸਰ ਵਿਖੇ ਹੋ ਰਿਹਾ ਹੈ। ਇਸ ਮੌਕੇ ਭਾਈ ਅਮਨਦੀਪ ਸਿੰਘ ਜੀ ਨੇ ਸਮਾਗਮ ਸੰਬੰਧੀ ਪ੍ਰਬੰਧਕਾਂ ਨਾਲ ਮੀਟਿੰਗ ਕੀਤੀ ਅਤੇ ਵਿਚਾਰ ਵਟਾਂਦਰਾ ਕੀਤਾ।ਉਪਰੰਤ ਭਾਈ ਸਾਹਿਬ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ' *ਨਵੀਂ ਸੋਚ ਨਵਾਂ ਆਗਾਜ਼'* ਇਹ ਪ੍ਰੋਗਰਾਮ 15 ਸਾਲ ਤੋਂ 40 ਸਾਲ ਤੱਕ ਦੇ ਬੱਚੇ ਬੱਚੀਆ ਨੂੰ ਉਤਸ਼ਾਹ ਕਰਨ ਲਈ ,ਨਸ਼ਿਆਂ ਨੂੰ ਦੂਰ ਕਰਨ ਲਈ,ਅਜੋਕੇ ਸਮੇਂ ਵਿੱਚ ਜ਼ਿੰਦਗੀ ਜਿਊਣ ਦਾ ਢੰਗ,ਕਿਵੇਂ ਅਸੀਂ ਜ਼ਿੰਦਗੀ ਚ ਖੁਸ਼ ਰਹਿ ਸਕਦੇ ਹਾਂ ,ਇਸ ਦੌਰਾਨ ਬੱਚਿਆ ਨੂੰ ਢੰਗ ਦੱਸਿਆ ਜਾਵੇਗਾ ਕਿ ਕਿਵੇ ਉਹ ਜਿੰਦਗੀ ਦੇ ਆਉਣ ਵਾਲੇ ਸਮੇ ਚ ਦੁਨਿਆਵੀ ਤੇ ਅਧਾਤਿਮਿਕ ਤੋਰ ਕਿਵੇਂ ਤਰੱਕੀ ਕਰ ਸਕਦੇ ਹਨ। ਭਾਈ ਸਾਹਿਬ ਨੇ ਦੱਸਿਆ ਅਜਿਹੇ ਸਮਾਗਮਾਂ ਨਾਲ ਨੋਜਵਾਨ ਪੀੜੀ ਨੂੰ ਚੰਗੀ ਸਿੱਖਿਆ ਤੇ ਨਵੀ ਦਿਸ਼ਾ ਮਿਲੇਗੀ ਅਤੇ ਸਮਾਜਿਕ ਬੁਰਿਆਈਆ ਦਾ ਅੰਤ ਹੋਵੇਗਾ। ਭਾਈ ਸਾਹਿਬ ਵੱਲੋਂ ਨੌਜਵਾਨ ਬੱਚੇ ਬੱਚੀਆਂ ਨੂੰ ਪ੍ਰੋਗਰਾਮ ਵਿੱਚ ਸ਼ਿਰਕਤ ਕਰਨ ਲਈ ਅਪੀਲ ਕੀਤੀ।ਇਸ ਮੋਕੇ ਭਾਈ ਅਮਿਤੇਸ਼ਵਰ ਸਿੰਘ, ਭਾਈ ਗੁਰਚਰਨ ਸਿੰਘ ,ਭਾਈ ਜਸਵਿੰਦਰ ਸਿੰਘ ,ਭਾਈ ਸਿਮਰਨਜੀਤ ਸਿੰਘ ,ਭਾਈ ਮਨਮੀਤ ਸਿੰਘ ,ਪ੍ਰਿੰਸੀਪਲ ਆਰਤੀ ਸੂਦ ਆਦਿ ਮੌਜੂਦ ਸਨ।

# ਗੰਨੇ ਦੇ ਰਸ ਦਾ ਲਗਾਇਆ ਲੰਗਰ



**ਚੌਕ ਮਹਿਤਾ 23 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿੰਡ ਚੰਨਣਕੇ ਦੀਆ ਸਮੂਹ ਸੰਗਤਾ ਵੱਲੋ ਤਰਨ ਤਾਰਨ ਰੋਡ ਨੇੜੇ ਚਾਟੀਵਿੰਡ ਚੌਕ ਡੇਰਾ ਬਾਬਾ ਬਿਧੀ ਚੰਦ ਜੀ ਧੰਨ ਧੰਨ ਅਮਰ ਅਨੋਖੇ ਸਹੀਦ ਬਾਬਾ ਦੀਪ ਸਿੰਘ ਜੀ ਦੇ ਪਵਿੱਤਰ ਪਾਵਨ ਅਸਥਾਨ ਵਿੱਖੇ ਅੱਜ ਐਤਵਾਰ ਨੂੰ ਚੌਪਾਹਿਰਾ ਦਾ ਜਾਪੁ ਕਰਨ ਵਾਲੀਆਂ ਸੰਗਤਾਂ ਨੂੰ ਗੰਨੇ ਰਸ ਦੀ ਸੇਵਾ ਕਰਨ ਲਈ ਪ੍ਰਧਾਨ ਲਖਵਿੰਦਰ ਸਿੰਘ ਅਤੇ ਬਾਬਾ ਸੁਖਵੰਤ ਸਿੰਘ ਚੰਨਣਕੇ ਦੀ ਅਗਵਾਈ ਹੇਠ ਗੰਨੇ ਦੇ ਰਸ ਦਾ ਲੰਗਰ ਲਗਾਇਆ ਗਿਆ ਇਸ ਮੌਕੇ ਬਾਬਾ ਸੁਖਵੰਤ ਸਿੰਘ ਚੰਨਣਕੇ, ਸੂਬੇਦਾਰ ਕਰਤਾਰ ਸਿੰਘ, ਗੁਰਪ੍ਰੀਤ ਸਿੰਘ ਪ੍ਰਧਾਨ, ਰਾਜਵਿੰਦਰ ਸਿੰਘ, ਜਰਨੈਲ ਸਿੰਘ, ਮਲਕੀਅਤ ਸਿੰਘ ਗੁਰਪਿੰਦਰ ਸਿੰਘ ਮੈਬਰ, ਜਸਕਰਨ ਸਿੰਘ, ਸਮਸੇਰ ਸਿੰਘ, ਸਹਿਬਾਜ ਸਿੰਘ, ਬਿਕਰਮਜੀਤ ਸਿੰਘ, ਰਾਜਨ ਪਰੀਤ ਸਿੰਘ, ਸਰਤਾਜ ਸਿੰਘ, ਹਰਮਨਦੀਪ ਸਿੰਘ, ਜੰਟਾ ਸਿੰਘ, ਲਵਪਰੀਤ ਸਿੰਘ, ਗੁਰਨੂਰ ਸਿੰਘ,ਅਭੀਜੋਤ ਸਿੰਘ ਬਾਠ,ਮੋਹ ਪਰੀਤ ਸਿੰਘ, ਆਦਿ ਸੇਵਾਦਾਰ ਹਾਜ਼ਰ ਸਨ। ਇਸ ਮੌਕੇ ਤੇ ਸੇਵਾਦਾਰ ਵਿੱਚ ਪੂਰਾ ਉਤਸਾਹ ਨਾਲ ਸੰਗਤਾਂ ਦੀ ਸੇਵਾ ਕੀਤੀ ਗਈ।

ਗੁਰਦੁਆਰਾ ਰਾਜੋਰੀ ਗਾਰਡਨ ਵਿੱਚ

# ਵਿਸ਼ੇਸ਼ ਸਪਾਈਨ ਹੈਲਥ ਚੈਕਅਪ ਕੈਂਪ ਲਗਾਇਆ ਗਿਆ



**ਨਵੀਂ ਦਿੱਲੀ 23 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਰਾਜੋਰੀ ਗਾਰਡਨ ਵਿੱਚ, ਜਿਥੇ ਇਕ ਵੱਡੀ ਡਿਸਪੈਂਸਰੀ ਚੱਲ ਰਹੀ ਹੈ ਜਿਸ ਵਿੱਚ ਦੂਰ-ਦੂਰ ਤੋਂ ਸੰਗਤ ਆਪਣਾ ਇਲਾਜ ਕਰਵਾਉਂਦੀ ਹੈ, ਉਥੇ ਸਮੇਂ-ਸਮੇਂ ਤੇ ਕਮੇਟੀ ਵੱਲੋਂ ਹੈਲਥ ਚੈਕਅਪ ਕੈਂਪ ਵੀ ਲਗਾਏ ਜਾਂਦੇ ਹਨ। ਉਨ੍ਹਾਂ ਹੀ ਕਦਮਾਂ ਵਿੱਚ ਬਾਲਾਜੀ ਐਕਸ਼ਨ ਮੈਡੀਕਲ ਇੰਸਟੀਟਿਊਟ ਦੇ ਸਹਿਯੋਗ ਨਾਲ ਸਪਾਈਨ ਹੈਲਥ ਚੈਕਅਪ ਕੈਂਪ ਲਗਾਇਆ ਗਿਆ ਜਿਸ ਵਿੱਚ ਸੰਗਤ ਨੇ ਬੈਕ, ਗਲਾ, ਪਿੱਠ ਆਦਿ ਸਪਾਈਨ ਨਾਲ ਜੁੜੇ ਸਾਰੇ ਕਿਸਮ ਦੇ ਟੈਸਟ ਕਰਵਾਏ ਅਤੇ ਡਾਕਟਰਾਂ ਤੋਂ ਸਲਾਹ-ਮਸ਼ਵਰਾ ਵੀ ਲਿਆ। ਇਸ ਮੌਕੇ 'ਤੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਰਦਾਰ ਹਰਮਨਜੀਤ ਸਿੰਘ, ਮਨਜੀਤ ਸਿੰਘ ਖੰਨਾ, ਪ੍ਰੀਤ ਪ੍ਰਤਾਪ ਸਿੰਘ, ਸੁੰਦਰ ਸਿੰਘ ਨਾਰੰਗ, ਡਿਸਪੈਂਸਰੀ ਦੇ ਚੇਅਰਮੈਨ ਹਰਜੀਤ ਸਿੰਘ ਰਾਜਾ ਬਖ਼ਸ਼ੀ, ਅਜੀਤ ਸਿੰਘ ਮੋਂਗਾ ਸਮੇਤ ਸਾਰੇ ਪਦਧਿਕਾਰੀ ਮੌਜੂਦ ਸਨ ਜਿਨ੍ਹਾਂ ਨੇ ਕੈਂਪ ਵਿੱਚ ਆਉਣ ਵਾਲੀ ਸੰਗਤ ਦੀ ਮਦਦ ਕੀਤੀ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਹਰਮਨਜੀਤ ਸਿੰਘ ਅਤੇ ਮਹਾਸਚਿਵ ਮਨਜੀਤ ਸਿੰਘ ਖੰਨਾ ਨੇ ਕਿਹਾ ਕਿ ਸਾਡੀ ਪੂਰੀ ਟੀਮ ਦੀ ਕੋਸ਼ਿਸ਼ ਰਹਿੰਦੀ ਹੈ ਕਿ ਗੁਰੂ ਸਾਹਿਬ ਦੇ ਉਪਦੇਸ਼ਾਂ ਦਾ ਪ੍ਰਚਾਰ-ਪ੍ਰਸਾਰ ਲਗਾਤਾਰ ਕੀਤਾ ਜਾਵੇ। ਉਹਨਾਂ ਨੇ ਕਿਹਾ ਕਿ ਸੰਗਤ ਨੂੰ ਬਿਮਾਰੀਆਂ ਤੋਂ ਨਜਾਤ ਦਿਲਵਾਉਣ ਲਈ ਗੁਰਦੁਆਰਾ ਸਾਹਿਬ ਵਿੱਚ ਡਿਸਪੈਂਸਰੀ ਚੱਲ ਰਹੀ ਹੈ ਜਿਸ ਵਿੱਚ ਸਾਰੇ ਤਰ੍ਹਾਂ ਦੀਆਂ ਬਿਮਾਰੀਆਂ ਦਾ ਚੈਕਅਪ ਅਤੇ ਇਲਾਜ ਕੀਤਾ ਜਾਂਦਾ ਹੈ। ਡਿਸਪੈਂਸਰੀ ਦੇ ਡਾਕਟਰਾਂ ਦੀ ਸਲਾਹ 'ਤੇ ਦਵਾਈਆਂ ਫ੍ਰੀ ਦੇ ਦਿੱਤੀਆਂ ਜਾਂਦੀਆਂ ਹਨ। ਸਮੇਂ-ਸਮੇਂ 'ਤੇ ਵੱਖ-ਵੱਖ ਹਸਪਤਾਲਾਂ ਦੇ ਨਾਲ ਮਿਲ ਕੇ ਹੈਲਥ ਚੈਕਅਪ ਕੈਂਪ ਵੀ ਲਗਾਏ ਜਾਂਦੇ ਹਨ। ਗੁਰਦੁਆਰਾ ਸਾਹਿਬ ਵਿਖ਼ੇ ਲਗਾਏ ਗਏ ਸਪਾਈਨ ਹੈਲਥ ਚੈਕਅਪ ਕੈਂਪ ਦਾ ਸੰਗਤ ਨੇ ਪੂਰੀ ਤਰ੍ਹਾਂ ਫਾਇਦਾ ਉਠਾਇਆ ਅਤੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ।

ਹਿਮਾਚਲ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਨਾਲ

# ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮੁਲਾਕਾਤ




**ਨਵੀਂ ਦਿੱਲੀ 23 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:-ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਕੱਤਰੇਤ ਦਫ਼ਤਰ ਵਿਖੇ ਹਿਮਾਚਲ ਦੇ ਸਰਕਾਰੀ ਕਾਲਜ ਬੜਸਰ ਹਮੀਰਪੁਰ ਤੋਂ ਆਏ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਮਿਤੀ 22 ਮਾਰਚ 2025 ਨੂੰ ਮੁਲਾਕਾਤ ਕੀਤੀ। ਜਿਨ੍ਹਾਂ ਕਿਹਾ ਕਿ ਸਾਨੂੰ ਏਥੇ ਆਉਣ ਤੋਂ ਪਹਿਲਾਂ ਕੁਝ ਲੋਕਾਂ ਬਹੁਤ ਕਿਹਾ ਕਿ ਪੰਜਾਬ ਤੁਹਾਡੇ ਲਈ ਸੁਰੱਖਿਅਤ ਨਹੀਂ ਹੈ। ਪਰ ਅਸੀਂ ਫਿਰ ਵੀ ਆਉਣ ਦਾ ਫ਼ੈਸਲਾ ਕੀਤਾ ਅਤੇ ਹੁਣ ਸਾਨੂੰ ਪੰਜਾਬ ਦੀ ਧਰਤੀ 'ਤੇ ਆ ਕੇ ਬਹੁਤ ਚੰਗਾ ਲੱਗ ਰਿਹਾ ਹੈ। ਇੱਥੇ ਕਿਸੇ ਵੀ ਤਰ੍ਹਾਂ ਦਾ ਕੋਈ ਡਰ ਨਹੀਂ। ਉਹਨਾਂ ਆਪਣੇ ਸੂਬੇ ਹਿਮਾਚਲ ਵਿੱਚ ਗੁਰੂ ਘਰ ਬਣਾਉਣ ਲਈ ਜ਼ਮੀਨ ਦੇਣ ਦੀ ਵੀ ਗੱਲ ਆਖੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਉਹਨਾਂ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਗੁਰਾਂ ਦੀ ਧਰਤੀ ਹੈ ਇੱਥੇ ਤੁਹਾਡੇ ਵੱਲ ਕੋਈ ਉਂਗਲ ਵੀ ਨਹੀਂ ਚੁੱਕ ਸਕਦਾ। ਦੋਵਾਂ ਸੂਬਿਆਂ ਦੇ ਲੋਕਾਂ ਨੂੰ ਆਪਸ 'ਚ ਰਲ਼ ਮਿਲ ਕੇ ਰਹਿਣ ਦੀ ਅਪੀਲ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ 94ਵੇਂ ਸ਼ਹੀਦੀ ਦਿਵਸ 'ਤੇ

# ਭੇਟ ਕੀਤੀ ਗਈ ਸ਼ਰਧਾਂਜਲੀ : ਸਤਨਾਮ ਸਿੰਘ ਗੰਭੀਰ



**ਨਵੀਂ ਦਿੱਲੀ 23 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਸਤਨਾਮ ਸਿੰਘ ਗੰਭੀਰ ਦੀ ਅਗਵਾਈ ਹੇਠ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਮੈਂਬਰਾਂ ਨੇ ਆਜ਼ਾਦ ਬਸਤੀ ਜੈਮਕੋ ਵਿਖੇ ਸਥਿਤ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਬੁੱਤ 'ਤੇ ਹਾਰ ਪਾ ਕੇ ਸ਼ਰਧਾਂਜਲੀ ਭੇਟ ਕੀਤੀ। ਸ਼ਹੀਦ ਭਗਤ ਸਿੰਘ ਦੇ 94ਵੇਂ ਸ਼ਹੀਦੀ ਦਿਵਸ 'ਤੇ, ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਮੈਂਬਰਾਂ ਨੇ ਉਨ੍ਹਾਂ ਨੂੰ ਦਿਲੋਂ ਸ਼ਰਧਾਂਜਲੀ ਭੇਟ ਕੀਤੀ ਅਤੇ ਭਗਤ ਸਿੰਘ ਦੁਆਰਾ ਦਿਖਾਏ ਗਏ ਮਾਰਗ 'ਤੇ ਚੱਲਣ ਦਾ ਪ੍ਰਣ ਲਿਆ। ਇਸ ਦੌਰਾਨ, ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪੂਰਬੀ ਭਾਰਤ ਦੇ ਪ੍ਰਧਾਨ ਸਤਨਾਮ ਸਿੰਘ ਗੰਭੀਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਹੁਣ ਉਨ੍ਹਾਂ ਦੀ ਸੰਸਥਾ ਸੰਘਰਸ਼ ਨਹੀਂ ਕਰੇਗੀ ਸਗੋਂ ਭਗਤ ਸਿੰਘ ਨੂੰ ਸ਼ਹੀਦ ਦਾ ਦਰਜਾ ਦਿਵਾਉਣ ਲਈ ਇੱਕ ਕ੍ਰਾਂਤੀ ਲਹਿਰ ਸ਼ੁਰੂ ਕਰੇਗੀ। ਸਤਨਾਮ ਸਿੰਘ ਗੰਭੀਰ ਨੇ ਕਿਹਾ ਕਿ ਭਗਤ ਸਿੰਘ ਨੂੰ ਉਨ੍ਹਾਂ ਦੇ ਹੱਕ ਦਿਵਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਗੰਭੀਰ ਨੇ ਅੱਗੇ ਕਿਹਾ ਕਿ ਉਹ ਸਰਕਾਰ ਤੋਂ ਢੁਕਵੇਂ ਚੈਨਲ ਰਾਹੀਂ ਮੰਗ ਕਰਨਗੇ ਕਿ 23 ਮਾਰਚ ਨੂੰ ਰਾਸ਼ਟਰੀ ਛੁੱਟੀ ਐਲਾਨੀ ਜਾਵੇ ਅਤੇ ਪਰਮਜੀਤ ਸਿੰਘ ਕੋਲ ਨੇ ਕਿਹਾ ਕਿ ਉਸ ਦਿਨ ਸਕੂਲਾਂ ਵਿੱਚ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤੇ ਜਾਣੇ ਚਾਹੀਦੇ ਹਨ ਤਾਂ ਜੋ ਬੱਚੇ ਭਾਰਤ ਮਾਤਾ ਦੇ ਬਹਾਦਰ ਪੁੱਤਰਾਂ ਦੀਆਂ ਜਿੱਤ ਦੀਆਂ ਕਹਾਣੀਆਂ ਨੂੰ ਜਾਣ ਸਕਣ। ਇਸ ਦੌਰਾਨ ਪਰਮਜੀਤ ਸਿੰਘ ਕਾਲੇ, ਜੋਗਿੰਦਰ ਸਿੰਘ ਸੋਨੂੰ, ਮਨਜੀਤ ਸਿੰਘ ਗਿੱਲ, ਪਰਵਿੰਦਰ ਸਿੰਘ ਮਨਮੀਤ ਲੂਥਰਾ, ਸੁਖਵਿੰਦਰ ਸਿੰਘ ਸਾਬੀ, ਮਨਦੀਪ ਸਿੰਘ, ਇੰਦਰਪਾਲ ਸਿੰਘ ਭਾਟੀਆ ਹਾਜ਼ਰ ਸਨ।

**ਭਗਤ ਸਿੰਘ ਨੂੰ ਸ਼ਹੀਦ ਦਾ ਦਰਜਾ ਦਿਵਾਉਣ ਲਈ ਸ਼ੁਰੂ ਹੋਵੇਗੀ ਕ੍ਰਾਂਤੀ ਲਹਿਰ**

ਆਵਾਜ਼ਿ ਕੌਮ AWAZE QAUM International Newspaper & WEB TV

ਏ ਏ ਕੇ, ਡੇਹਰੀਵਾਲ ਵਿਖੇ ਈਟ ਹੈਲਥ ਦੀ,ਈਟ ਸੈਅਫ ਤਹਿਤ ਗਰਭਵਤੀ ਔਰਤਾਂ

# ਦੁੱਧ ਪਿਲਾਉਂਦੀਆਂ ਮਾਵਾਂ ਅਤੇ ਹੋਰ ਲੋਕਾਂ ਨੂੰ ਕੀਤਾ ਜਾਗਰੂਕ



**ਚੌਕ ਮਹਿਤਾ, 23 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਹਤਮੰਦ ਖਾਣਾ ਅਤੇ ਸਾਫ਼ -ਸਫ਼ਾਈ ਅਭਿਆਨ ਦੇ ਤਹਿਤ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਅਤੇ ਸਿਵਲ ਸਰਜਨ ਅੰਮ੍ਰਿਤਸਰ ਡਾ ਕਿਰਨਦੀਪ ਕੌਰ ਜੀ ਦੇ ਦਿਸ਼ਾ ਨਿਰਦੇਸ਼ ਅਤੇ ਐਸ-ਐਮ ਓ ਤਰਸਿੱਕਾ ਡਾ ਮੋਨਾ ਚਤਰਥ ਜੀ ਦੀ ਯੋਗ ਆਗਵਾਈ ਹੇਠ ਏ ਏ ਕੇ ਡੇਹਰੀਵਾਲ ਵਿੱਚ ਈਟ ਰਾਈਟ ਪ੍ਰੋਗਰਾਮ ਮਨਾਇਆ ਗਿਆ ।ਇਸ ਅਭਿਆਨ ਦੇ ਤਹਿਤ ਗਰਭਵਤੀ ਔਰਤਾਂ ਦੁੱਧ ਪਿਲਾਉਣ ਵਾਲੀਆਂ ਮਾਵਾਂ ਅਤੇ ਹੋਰ ਲੋਕਾਂ ਨੂੰ ਸੀ ਐਚ ਓ ਅਮਨਜੋਤ ਕੌਰ ਵੱਲੋਂ ਸਿਹਤਮੰਦ ਖਾਣੇ ਅਤੇ ਖਾਣਾ ਬਣਾਉਣ ਸਮੇਂ ਸਾਫ਼ ਸਫਾਈ ਆਦਿ ਬਾਰੇ ਜਾਗਰੂਕ ਕੀਤਾ ਗਿਆ ।ਇਸ ਮੌਕੇ ਅਮਨਜੋਤ ਕੌਰ ਸੀ ਐਚ ਓ, ਰੁਪਿੰਦਰ ਕੌਰ ਏ ਐਨ ਐਮ, ਆਸ਼ਾ ਵਰਕਰ ਆਦਿ ਹਾਜਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

# ਮਾਨ ਸਰਕਾਰ ਨੌਜਵਾਨਾਂ ਨੂੰ ਖੇਡਾਂ ਵੱਲ ਉਤਸਾਹਿਤ ਕਰਨ ਲਈ ਅਹਿਮ ਯੋਗਦਾਨ ਪਾ ਰਹੀ ਹੈ: ਚੇਅਰਮੈਨ ਘੁੱਲੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪਿੰਡ ਖੇੜੀ ਜੱਟਾਂ ਵਿਖੇ ਸਰਪੰਚ ਹਰਪ੍ਰੀਤ ਸਿੰਘ ਖੇੜੀ ਜੱਟਾਂ ਦੀ ਅਗਵਾਈ ਹੇਠ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੈਂਪਸ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਵੱਲੋਂ ਨੌਜਵਾਨਾਂ ਨੂੰ ਖੇਡਣ ਦੇ ਲਈ ਕ੍ਰਿਕਟ ਭੇਟ ਕੀਤੀ ਗਈ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਘੁੱਲੀ ਨੇ ਕਿਹਾ ਕਿ ਸੂਬੇ ਦੀ ਮਾਨ ਸਰਕਾਰ ਨੌਜਵਾਨਾਂ ਨੂੰ ਨਸ਼ਿਆਂ ਵਰਗੀ ਭਿਆਨਕ ਬਿਮਾਰੀ ਤੋਂ ਦੂਰ ਰੱਖਣ ਦੇ ਲਈ ਖੇਡਾਂ ਵੱਲ ਜਿਆਦਾ ਉਤਸਾਹਿਤ ਕਰਨ ਵਿੱਚ ਲੱਗੇ ਹੋਏ ਹਨ। ਪਹਿਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਹਲਕੇ ਦੇ ਪਿੰਡ ਦੇ ਨੌਜਵਾਨ ਨੂੰ ਖੇਡਣ ਵਿੱਚ ਚੰਗੀਆਂ ਮੱਲਾਂ ਮਾਰਨ ਕਰਕੇ ਕਰੋੜਾਂ ਰੁਪਏ ਦੇ ਚੈੱਕ ਤਕਸੀਮ ਕੀਤੇ ਗਏ ਹਨ ।ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਏ ਗਏ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਵਿੱਚ ਨੌਜਵਾਨ ਵੱਧ ਚੜ ਕੇ ਪ੍ਰਸ਼ਾਸਨ ਅਧਿਕਾਰੀਆਂ ਦਾ ਸਾਥ ਦੇਣ ਤਾਂ ਜੋ ਪਿੰਡਾਂ ਵਿੱਚੋਂ ਨਸ਼ੇ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਨੂੰ ਕੱਢ ਕੇ ਇੱਕ ਚੰਗਾ ਜੀਵਨ ਬਤੀਤ ਕਰਨ ਦੇ ਲਈ ਪ੍ਰੇਰਿਆ ਜਾ ਸਕੇ। ਇਸ ਮੌਕੇ ਚੇਅਰਮੈਨ ਗੁਰਲਾਲ ਸਿੰਘ , ਆਪ ਸਪੋਰਟਸ ਵਿੰਗ ਦੇ ਜਰਨਲ ਸਕੱਤਰ ਅਮਰਦੀਪ ਧਾਂਦਰਾ ਤੋਂ ਇਲਾਵਾ ਪੰਚਾਇਤ ਮੈਂਬਰ ਸਾਹਿਬਾਨ, ਕਲੱਬ ਅਤੇ ਨਗਰ ਨਿਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕਰਨਲ ਬਾਠ ਦੇ ਹੱਕ ਵਿੱਚ ਬੀਜੇਪੀ ਆਗੂ ਦਿਓਲ ਦੀ ਅਗਵਾਈ ਹੇਠ ਧੂਰੀ ਵਿਖੇ ਰੋਸ ਮਾਰਚ ਕਰਕੇ ਇਨਸਾਫ਼ ਦੀ ਕੀਤੀ ਮੰਗ




**ਧੂਰੀ ( ਰਣਜੀਤ ਸਿੰਘ ਪੇਧਨੀ )**-ਭਾਰਤੀ ਫ਼ੌਜ ਦੇ ਮੌਜੂਦਾ ਕਰਨਲ ਪੁਸ਼ਪਿੰਦਰ ਸਿੰਘ ਬਾਠ ਅਤੇ ਓਹਨਾ ਦੇ ਪੁੱਤਰ ਨਾਲ ਬੀਤੇ ਦਿਨੀ ਪੰਜਾਬ ਪੁਲਿਸ ਦੇ ਕੁਝ ਅਫ਼ਸਰਾਂ ਵਲੋਂ ਬਹਿਰਹਮੀ ਨਾਲ ਕੀਤੀ ਕੁੱਟਮਾਰ ਖਿਲਾਫ ਭਾਰਤੀ ਜਨਤਾ ਪਾਰਟੀ ਦੇ ਧੂਰੀ ਤੋ ਹਲਕਾ ਇੰਚਾਰਜ ਸ, ਰਣਦੀਪ ਸਿੰਘ ਦਿਓਲ ਦੀ ਅਗਵਾਈ ਹੇਠ ਧੂਰੀ ਵਿਖੇ ਰੋਸ ਮਾਰਚ ਕਰਕੇ ਇਨਸਾਫ਼ ਦੀ ਮੰਗ ਕੀਤੀ ਗਈ ।ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ, ਦਿਓਲ ਨੇ ਕਿਹਾ ਕਿ ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਉਸੇ ਦਿਨ ਤੋਂ ਪੰਜਾਬ ਦੇ ਹਾਲਾਤ ਬਹੁਤ ਗੰਭੀਰ ਬਣੇ ਹੋਏ ਹਨ। ਪੰਜਾਬ ਵਿੱਚ ਸਰਕਾਰ ਨੇ ਪੰਜਾਬ ਪੁਲਿਸ ਨੂੰ ਇੰਨੀ ਕੁ ਛੋਟ ਦੇ ਦਿੱਤੀ ਹੈ ਕਿ ਉਹ ਆਪਣੀ ਮਰਜ਼ੀ ਦੇ ਨਾਲ ਕੁਝ ਵੀ ਕਰ ਸਕਦੇ ਹਨ ।ਪਿਛਲੀ ਦਿਨਾਂ ਵਿੱਚ ਜੋ ਕਰਨਲ ਪੁਸਪਿੰਦਰ ਸਿੰਘ ਅਤੇ ਉਸਦੇ ਪਰਿਵਾਰ ਦੇ ਨਾਲ ਪਟਿਆਲਾ ਵਿਖੇ ਵਾਪਰਿਆ ਹੈ ਉਸ ਦੀ ਜਿੰਨੀ ਵੀ ਨਿੰਦਾ ਕੀਤੀ ਜਾ ਸਕੇ ਉਨੀ ਥੋੜੀ ਹੈ ਕਿਉਂਕਿ ਕਰਨਲ ਦਾ ਰੁਤਬਾ ਐਸਐਸਪੀ ਦੇ ਬਰਾਬਰ ਦਾ ਰੁਤਬਾ ਹੁੰਦਾ ਹੈ। ਪੰਜਾਬ ਪੁਲਿਸ ਜਦੋਂ ਕਰਨਲ ਅਤੇ ਉਸ ਦੇ ਪਰਿਵਾਰ ਨੂੰ ਬੇਰਹਿਮੀ ਨਾਲ ਕੁੱਟਮਾਰ ਕਰ ਰਹੀ ਸੀ ਤਾਂ ਉਨਾਂ ਦੇ ਮਨ ਵਿੱਚ ਰਤਾ ਵੀ ਰਹਿਮ ਨਹੀਂ ਆਇਆ ਕਿ ਇਹ ਦੇਸ਼ ਦੀ ਰਾਖੀ ਕਰਦੇ ਹਨ। ਉਹਨਾਂ ਕਿਹਾ ਕਿ ਸਰਕਾਰ ਨੇ ਬੇਸ਼ੱਕ ਚਾਰ ਐਸ,ਐਚ,ਓ ਅਤੇ 12 ਪੁਲਿਸ ਮੁਲਾਜ਼ਮਾਂ ਨੂੰ ਡਿਸਮਿਸ ਕਰ ਦਿੱਤਾ ਗਿਆ ਹੈ ਪਰ ਉਹਨਾਂ ਨੂੰ ਡਿਸਮਿਸ ਕਰਨ ਤੋਂ ਬਾਅਦ ਸਾਰਿਆ ਨੂੰ ਜਲਦੀ ਸਲਾਖਾਂ ਪਿੱਛੇ ਕਰਕੇ ਉੱਚ ਪੱਧਰੀ ਜਾਂਚ ਕਰਵਾਈ ਜਾਵੇ ਤਾਂ ਜੋ ਅੱਗੇ ਤੋਂ ਇਸ ਤਰ੍ਹਾਂ ਦੀ ਹਰਕਤ ਨਾ ਹੋ ਸਕੇ ।ਇਸ ਮੌਕੇ ਬੀਜੇਪੀ ਦੇ ਜਿਲਾ ਆਗੂ ਕ੍ਰਿਸਨ ਗੋਪਾਲ ਨੀਲੂ ਮਿੱਤਲ, ਬੀਜੇਪੀ ਦੇ ਸੀਨੀਅਰ ਗੱਗੂ ਤੂਰ ਤੋਂ ਇਲਾਵਾ ਬੀਜੇਪੀ ਦੇ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਸ਼ਹੀਦਾਂ ਨੂੰ ਸਮਰਪਿਤ ਨਸ਼ਿਆਂ ਵਿਰੁੱਧ**

# ਸ਼ਹੀਦ ਭਗਤ ਸਿੰਘ ਰਾਜਗੁਰੂ ਸੁਖਦੇਵ ਮੈਮੋਰੀਅਲ ਸੋਸਾਇਟੀ ਕੱਢਿਆ ਜਾਗਰੂਕਤਾ ਮਾਰਚ







ਫ਼ਿਰੋਜ਼ਪੁਰ, 23 ਮਾਰਚ (ਮਨੋਹਰ ਲਾਲ) :— ਸ਼ਹੀਦ—ਏ—ਆਜ਼ਮ ਸਰਦਾਰ ਭਗਤ ਸਿੰਘ ਰਾਜਗੁਰੂ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਉਂਦੇ ਹੋਏ ਅੱਜ ਸ਼ਹੀਦ ਭਗਤ ਸਿੰਘ ਰਾਜਗੁਰੂ ਸੁਖਦੇਵ ਮੈਮੋਰੀਅਲ ਸੋਸਾਇਟੀ ਵਲੋਂ ਪ੍ਰਧਾਨ ਵਰਿੰਦਰ ਸਿੰਘ ਵੈਰੜ ਦੀ ਪ੍ਰਧਾਨਗੀ ਹੇਠ ਸ਼ਹੀਦਾਂ ਨੂੰ ਸਮਰਪਿਤ ਅਤੇ ਨਸ਼ਿਆਂ ਦੇ ਵਿਰੁੱਧ ਜਾਗਰੂਕਤਾ ਮਾਰਚ ਕੱਢ ਕਿ ਸ਼ਹੀਦੀ ਸਮਾਰਕ 'ਤੇ ਸਿਜਦਾ ਕਰ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਜਾਗਰੂਕਤਾ ਮਾਰਚ ਦੀ ਅਗਵਾਈ ਸੀਨੀਅਰ ਕਪਤਾਨ ਪੁਲਿਸ ਭੁਪਿੰਦਰ ਸਿੰਘ ਸਿੱਧੂ ਕਰ ਰਹੇ ਸਨ, ਜਿਨ੍ਹਾਂ ਨੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਸਮਾਜ ਵਿਚ ਯੁੱਧ ਨਸ਼ਿਆਂ ਵਿਰੁੱਧ ਦਾ ਸੱਦਾ ਦਿੰਦੇ ਹੋਏ ਲੋਕਾਂ ਨੂੰ ਜਿੱਥੇ ਨਸ਼ੇ ਛੱਡਣ ਦੀ ਅਪੀਲ ਕੀਤੀ, ਉਥੇ ਆਮ ਪਬਲਿਕ ਨੂੰ ਬੇਨਤੀ ਕੀਤੀ ਕਿ ਉਹ ਨਰੋਈ ਅਤੇ ਤੰਦਰੁਸਤ ਸਮਾਜ ਦੀ ਸਿਰਜਣਾ ਲਈ ਜੋ ਨਸ਼ਿਆਂ ਤੋਂ ਰਹਿਤ ਹੋਵੇ ਲਈ ਸੱਚੀ ਅਤੇ ਸਹੀ ਸਮੇਂ 'ਤੇ ਸੂਚਨਾ ਪੁਲਿਸ ਨੂੰ ਦੇਣ ਤਾਂ ਜੋ ਚੱਲ ਰਹੇ ਨਸ਼ਿਆਂ ਦੇ ਪ੍ਰਕੋਪ ਨੂੰ ਠੱਲ੍ਹ ਪਾਈ ਜਾ ਸਕੇ। ਸੁਸਾਇਟੀ ਦੇ ਆਗੂ ਰਵਿੰਦਰ ਸਿੰਘ ਢਿੱਲੋਂ ਅਤੇ ਜਸਵਿੰਦਰ ਸਿੰਘ ਸੰਧੂ ਨੇ ਸਮਾਗਮ ਸਬੰਧੀ ਵਿਸਥਾਰ ਸਹਿਤ ਜਾਣਕਾਰੀਆਂ ਦਿੰਦਿਆਂ ਦੱਸਿਆ ਕਿ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਸਵੇਰੇ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੇ ਭੋਗ ਪਾਏ ਜਾਣ ਉਪਰੰਤ ਰਾਗੀ ਸਿੰਘਾਂ ਵਲੋਂ ਸ਼ਬਦ ਕੀਰਤਨ ਕੀਤਾ ਗਿਆ। ਅਰਦਾਸ ਬੇਨਤੀ ਉਪਰੰਤ ਜਾਗਰੂਕਤਾ ਮਾਰਚ ਕੱਢਿਆ ਗਿਆ, ਜਿਸ ਵਿਚ ਨੌਜਵਾਨ ਬਸੰਤੀ ਦਸਤਾਰਾਂ ਅਤੇ ਚਿੱਟੇ ਕੁੜਤੇ ਪਜਾਮਿਆਂ 'ਚ ਸਜੇ ਹੋਏ ਸਨ, ਦੇ ਹੱਥਾਂ 'ਚ ਫੜੀਆਂ ਬਸੰਤੀ ਰੰਗ ਦੀਆਂ ਝੰਡੀਆਂ ਸੱਦਾ ਦੇ ਰਹੀਆਂ ਸਨ ਕਿ ਆਓ ਨਸ਼ਿਆਂ ਦੇ ਕੋਹੜ ਨੂੰ ਖ਼ਤਮ ਕਰਕੇ ਖ਼ੁਸ਼ਹਾਲੀ ਵਾਲਾ ਜੀਵਨ ਜਿਉਣ ਲਈ ਅੱਗੇ ਵਧੀਏ। ਜਾਗਰੂਕਤਾ ਮਾਰਚ ਨੂੰ ਬਸੰਤੀ ਝੰਡੀ ਨਾਲ ਰਵਾਨਾ ਕਰਦੇ ਹੋਏ ਸੀਨੀਅਰ ਕਪਤਾਨ ਪੁਲਿਸ ਭਪਿੰਦਰ ਸਿੰਘ ਸਿੱਧੂ ਜਿੱਥੇ ਅੱਗੇ-ਅੱਗੇ ਚੱਲ ਰਹੇ ਸਨ, ਉੱਥੇ ਨੌਜਵਾਨ, ਬਜ਼ੁਰਗ ਅਤੇ ਬੱਚੇ ਵੱਡੇ ਉਤਸ਼ਾਹ ਨਾਲ ਜਾਗਰੂਕਤਾ ਮਾਰਚ ਵਿਚ ਸ਼ਾਮਿਲ ਹੋ ਇਨਕਲਾਬ ਜ਼ਿੰਦਾਬਾਦ, ਨਸ਼ੇ ਛੱਡੋ ਕੋਹੜ ਵੱਢੋ, ਸ਼ਹੀਦੋਂ ਤੁਹਾਡੀ ਸੋਚ 'ਤੇ ਪਹਿਰਾ ਦਿਆਂਗੇ ਠੋਕ ਕੇ ਜਿਹੇ ਜੋਸ਼ੀਲੇ ਨਾਅਰੇ ਲਗਾ ਮਾਹੌਲ ਨੂੰ ਖ਼ੁਸ਼ਗੁਵਾਰ ਬਣਾ ਰਹੇ ਸਨ। ਗੁਰਦੁਆਰਾ ਸਾਰਾਗੜ੍ਹੀ ਸਾਹਿਬ ਤੋਂ ਜਾਗਰੂਕਤਾ ਮਾਰਚ ਰਵਾਨਾ ਹੁੰਦਾ ਹੋਇਆ ਪਿੰਡ ਮੱਧਰੇ, ਬਾਰੇ ਕੇ ਹੁੰਦਾ ਹੋਇਆ ਹੁਸੈਨੀਵਾਲਾ ਸਮਾਰਕ ਹਿੰਦ-ਪਾਕਿ ਬਾਰਡਰ 'ਤੇ ਸਮਾਪਤ ਹੋਇਆ। ਸ਼ਹੀਦੀ ਸਮਾਰਕਾਂ 'ਤੇ ਨਤਮਸਤਕ ਹੋ ਫੁੱਲ ਮਲਾਵਾਂ ਭੇਟ ਕਰ ਨੌਜਵਾਨਾਂ ਨੇ ਜੋਸ਼ੀਲੇ ਨਾਅਰੇ ਲਗਾਏ ਅਤੇ ਨਸ਼ਿਆਂ ਖ਼ਿਲਾਫ਼ ਡੱਟਣ ਦਾ ਪ੍ਰਣ ਵੀ ਕੀਤਾ। ਮਾਰਚ ਵਿਚ ਜਿੱਥੇ ਸ਼ਹੀਦ ਭਗਤ ਸਿੰਘ ਰਾਜਗੁਰੂ ਸੁਖਦੇਵ ਮੈਮੋਰੀਅਲ ਸੋਸਾਇਟੀ ਦੇ ਆਗੂ ਬਲਦੇਵ ਸਿੰਘ ਭੁੱਲਰ ਰਿਟਾਇਰਡ ਸੀਨੀਅਰ ਜ਼ਿਲ੍ਹਾ ਬਚਤ ਅਫ਼ਸਰ, ਜਥੇਦਾਰ ਕਰਨੈਲ ਸਿੰਘ ਭਾਵੜਾ ਪ੍ਰਧਾਨ ਜੱਟ ਸਭਾ ਪੰਜਾਬ, ਲਖਬੀਰ ਸਿੰਘ ਬੁਲਾਰਾ ਟਰੈਫ਼ਿਕ ਪੁਲਿਸ ਐਸ.ਐਸ.ਪੀ. ਦਫ਼ਤਰ, ਬਲਕਰਨ ਸਿੰਘ ਜੰਗ ਕੈਨੇਡਾ, ਮਨਬੀਰ ਸਿੰਘ ਬਾਵਾ, ਲਖਵੀਰ ਸਿੰਘ ਵਕੀਲਾਂਵਾਲੀ, ਸੁਖਬੀਰ ਸਿੰਘ ਹੁੰਦਲ ਸਾਬਕਾ ਸਰਪੰਚ ਸ਼ੂਸ਼ਕ, ਗੁਰਮੀਤ ਸਿੰਘ ਸਿੱਧੂ ਮੱਲੋਵਾਲੀਆ, ਤਜਿੰਦਰ ਸਿੰਘ ਹੀਰੋ ਮੋਟਰਸਾਈਕਲ ਵਾਲੇ, ਮਨਦੀਪ ਸਿੰਘ ਜੋਨ, ਪੁਸ਼ਿਪੰਦਰ ਸਿੰਘ ਸ਼ੇਰੀ ਵਸਤੀ ਭਾਗ ਸਿੰਘ, ਗੁਰਦੇਵ ਸਿੰਘ ਸਿੱਧੂ ਮਹਿਮਾ, ਬਲਕਰਨ ਸਿੰਘ ਹਾਜੀ ਵਾਲਾ, ਇੰਦਰਜੀਤ ਸਿੰਘ ਮਹਿਮਾ ਕਿਸਾਨ ਆਊਟਲੈੱਟ ਵਾਲੇ, ਰਿੰਕੂ ਜੱਜ ਨੂਰਪੁਰ ਸੇਠਾ, ਸਾਬਕਾ ਸੈਨਿਕ ਜਥੇਬੰਦੀ ਦੇ ਆਗੂ ਸੂਬੇਦਾਰ ਚਰਨ ਸਿੰਘ ਕੀਰਤੀ ਚੱਕਰ, ਕਰਨਲ ਗਿੱਲ ਮਖੂ, ਸੂਬੇਦਾਰ ਜਸਵਿੰਦਰ ਸਿੰਘ ਭਲੇਰੀਆ ਮਮਦੋਟ, ਸੂਬੇਦਾਰ ਲਖਵੀਰ ਸਿੰਘ ਨਾਜੁਸ਼ਾਹ ਆਦਿ ਹਾਜ਼ਰ ਸਨ।

**ਸੀਨੀਅਰ ਕਪਤਾਨ ਪੁਲਿਸ ਭੁਪਿੰਦਰ ਸਿੰਘ ਸਿੱਧੂ ਖ਼ੁਦ ਮੋਟਰਸਾਈਕਲ 'ਤੇ ਸਵਾਰ ਹੋ ਕੀਤੀ ਮਾਰਚ ਦੀ ਅਗਵਾਈ**

# ਸਿੱਖਾਂ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤਖਤ ਸਾਹਿਬ ਦੀ ਮਾਣ ਮਰਿਯਾਦਾ ਸਿਧਾਂਤ ਅਤੇ ਵਿਧੀ ਵਿਧਾਨ ਦਾ ਘਾਣ ਕਰਨ ਵਾਲੀਆਂ ਸ਼ਕਤੀਆਂ ਵਿਰੁੱਧ ਰੋਸ ਪ੍ਰਦਰਸ਼ਨ



ਫ਼ਿਰੋਜ਼ਪੁਰ, 23 ਮਾਰਚ (ਮਨੋਹਰ ਲਾਲ) :— ਸ੍ਰੀ ਅਕਾਲ ਤਖਤ ਮਹਾਨ ਹੈ, ਸਿੱਖ ਪੰਥ ਦੀ ਸ਼ਾਨ ਹੈ। ਅੱਜ ਗੁਰਦੁਆਰਾ ਬਾਬਾ ਬਾਠਾਂ ਕਸਬਾ ਮਖੂ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਇਲਾਕੇ ਦੀਆਂ ਸਿੱਖ ਸੰਗਤਾਂ, ਸਿੱਖ ਸੰਪ੍ਰਦਾਵਾਂ, ਵੱਖ—ਵੱਖ ਜਥੇਬੰਦੀਆਂ, ਸਮਾਜ ਸੇਵੀ ਸੰਸਥਾਵਾਂ ਅਤੇ ਕਿਸਾਨ ਯੂਨੀਅਨ ਵੱਲੋਂ ਸਿੱਖਾਂ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤਖਤ ਸਾਹਿਬ ਦੀ ਮਾਣ ਮਰਿਯਾਦਾ, ਸਿਧਾਂਤਾ ਅਤੇ ਵਿਧੀ ਵਿਧਾਨ ਦਾ ਘਾਣ ਕਰਨ ਵਾਲੀਆਂ ਸ਼ਕਤੀਆਂ ਵਿਰੁੱਧ ਪੰਜ ਸਿੰਘਾਂ ਦੀ ਅਗਵਾਈ ਹੇਠ ਵੱਡੇ ਪੱਧਰ ਤੇ ਰੋਸ ਇਕੱਤਰਤਾ ਕੀਤੀ ਗਈ। ਗੱਲਬਾਤ ਕਰਦਿਆਂ ਜਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ ਅੱਜ ਦੀ ਇਕੱਤਰਤਾ ਵੱਲੋਂ ਸਰਬਸੰਮਤੀ ਨਾਲ ਫੈਸਲੇ ਲਏ ਗਏ। ਉਨ੍ਹਾਂ ਦੱਸਿਆ ਕਿ ਅੱਜ ਦੀ ਇਕੱਤਰਤਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਅਣਅਧਿਕਾਰਤ ਕਬਜਾ ਕਰਨ ਵਾਲੀ ਧਿਰ ਅੰਤ੍ਰਿਗ ਕਮੇਟੀ ਵੱਲੋਂ ਤਖਤਾਂ ਦੇ ਸਿੰਘ ਸਾਹਿਬਾਨਾਂ ਨੂੰ ਲਗਾਉਣ ਅਤੇ ਲਗਾਉਣ ਸਮੇਂ ਸਿੱਖ ਸਿਧਾਂਤਾਂ, ਮਰਿਆਦਾ ਅਤੇ ਪਰੰਪਰਾਵਾਂ ਘਾਣ ਕੀਤਾ ਹੈ, ਜਿਸ ਨਾਲ ਵਿਸ਼ਵ ਦੇ ਸਿੱਖਾਂ ਦੀਆਂ ਭਾਵਨਾਵਾਂ ਨੂੰ ਬਹੁਤ ਦੁੱਖ ਪਹੁੰਚਾ ਹੈ, ਇਸ ਲਈ ਅੱਜ ਦੀ ਇਕੱਤਰਤਾ ਉਨ੍ਹਾਂ ਫੈਸਲਿਆਂ ਨੂੰ ਰੱਦ ਕਰਦੀ ਹੈ। ਉਨ੍ਹਾਂ ਕਿਹਾ ਕਿ ਅੱਜ ਦੀ ਇਕੱਤਰਤਾ ਸਮੂਹ ਸਾਧ ਸੰਗਤ, ਸਿੱਖ ਜਥੇਬੰਦੀਆਂ, ਸੰਪਰਦਾਵਾਂ, ਟਕਸਾਲਾਂ, ਸਮਾਜ ਸੇਵੀ ਸੰਸਥਾਵਾਂ, ਸੰਤ ਸਮਾਜ ਨੂੰ ਬੇਨਤੀ ਕਰਦੀ ਹੈ ਕਿ ਆਪਸੀ ਮਤਭੇਦ ਨੂੰ ਤਿਆਗ ਕੇ ਧੜੇਬੰਦੀ, ਪਾਰਟੀਬਾਜੀ ਅਤੇ ਵਰਣਾਂ ਤੋਂ ਉਪਰ ਉਠ ਕੇ ਸਿੱਖ ਸਿਧਾਤਾਂ, ਮਰਿਆਦਾ ਪਰੰਪਰਾਵਾਂ ਅਤੇ ਗੁਰਧਾਮਾਂ ਦੀ ਰਾਖੀ ਲਈ ਇਕੱਤਰ ਹੋਈਏ ਅਤੇ ਸਿੱਖ ਵਿਰੋਧੀ ਤਾਕਤਾਂ ਦਾ ਡਟ ਕੇ ਮੁਕਾਬਲਾ ਕਰੀਏ। ਉਨ੍ਹਾਂ ਕਿਹਾ ਕਿ ਅੱਜ ਦੀ ਇਕੱਤਰਤਾ ਸਿੱਖ ਸੰਸਥਾਵਾਂ ਦਾ ਪ੍ਰਬੰਧ ਯੋਗ ਸਿੱਖਾਂ ਦੇ ਹੱਥਾਂ ਵਿਚ ਲਿਆਉਣ ਲਈ ਫ਼ਿਰੋਜ਼ਪੁਰ ਜ਼ਿਲ੍ਹੇ ਵਿਚ ਢੁੱਕਵੀਂ ਵਿਉਂਤਬੰਦੀ/ਰਣਨੀਤੀ ਬਣੇਗੀ ਅਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਨਾਮਯਦ ਕੀਤੇ ਸਿੰਘਾਂ ਨੂੰ ਪੰਥ ਦੀ ਸੇਵਾ ਕਰਨ ਦਾ ਮੌਕਾ ਦੇਵੇਗੀ।ਉਨ੍ਹਾਂ ਕਿਹਾ ਕਿ ਅੱਜ ਦੀ ਇਕੱਤਰਤਾ ਸ੍ਰੀ ਅਕਾਲ ਤਖਤ ਸਾਹਿਬ ਤੋਂ 2 ਫਰਵਰੀ ਨੂੰ ਲਏ ਗਏ ਫੈਸਲਿਆਂ ਤੇ ਡੱਟ ਕੇ ਪਹਿਰਾ ਦੇਵੇਗੀ ਅਤੇ ਭਗਾਉੜਿਆਂ ਵਿਰੁੱਧ ਸੰਗਤਾਂ ਨੂੰ ਲਾਮਬੰਦ ਕਰੇਗੀ। ਅੱਜ ਦੀ ਮਹਾਂ ਪੰਚਾਇਤ ਵਿਚ ਪੰਜਾਬ ਪ੍ਰਧਾਨ ਭਾਈ ਮੁਖਤਿਆਰ ਸਿੰਘ ਭੁੱਲਰ, ਭਾਈ ਬਲਕਾਰ ਸਿੰਘ ਮੁਖੀ ਪੰਜ ਪਿਆਰੇ, ਹਰਜਿੰਦਰ ਸਿੰਘ ਸਰਪੰਚ, ਕਾਰਜਕਾਰੀ ਮੈਂਬਰ ਅਕਾਲੀ ਦਲ ਵਾਰਸ ਪੰਜਾਬ, ਬਲਵਿੰਦਰ ਸਿੰਘ ਵਾਹਕਾ ਮੋੜ, ਭਾਈ ਜਗਮੀਤ ਸਿੰਘ, ਬਲਜਿੰਦਰ ਸਿੰਘ, ਭਾਈ ਜ਼ਸਪਾਲ ਸਿੰਘ, ਸਿੱਖ ਕੰਨਿਆ ਮਹਾਂ ਵਿਦਿਆਲਿਆ ਫ਼ਿਰੋਜ਼ਪੁਰ, ਭਾਈ ਬਲਜਿੰਦਰ ਸਿੰਘ ਆਦਿ ਹਾਜ਼ਰ ਸਨ।

## ਸਿੱਖਾਂ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤਖਤ ਸਾਹਿਬ ਦੀ ਮਾਣ ਮਰਿਯਾਦਾ ਸਿਧਾਂਤ ਅਤੇ ਵਿਧੀ ਵਿਧਾਨ ਦਾ ਘਾਣ ਕਰਨ ਵਾਲੀਆਂ ਸ਼ਕਤੀਆਂ ਵਿਰੁੱਧ ਸੰਤ ਸਮਾਜ ਵਿਚ ਭਾਰੀ ਰੋਸ—ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ



ਫ਼ਿਰੋਜ਼ਪੁਰ, 23 ਮਾਰਚ (ਮਨੋਹਰ ਲਾਲ) :— ਇਹ ਪਹਿਲੀ ਵਾਰ ਹੋਇਆ ਹੈ ਅਤੇ ਪੰਥ ਦਲ ਹੈਰਾਨ ਹੈ ਕਿ ਸਾਡੇ ਸਿੱਖ ਕੌਮ ਦੇ ਜਥੇਦਾਰਾਂ ਨੂੰ ਏਨ੍ਹੀ ਬੁਰੀ ਤਰ੍ਹਾਂ ਜਥੇਦਾਰੀ ਤੋਂ ਲਾਹ ਕੇ ਨਵੇਂ ਜਥੇਦਾਰ ਉਹ ਵੀ ਰਾਤ ਦੇ ਹਨੇਰੇ ਵਿਚ ਸਿਧਾਂਤ ਅਤੇ ਵਿਧੀ ਵਿਧਾਨ ਦਾ ਘਾਣ ਕੀਤਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਸਭ ਕੁਝ ਵਿਧੀ ਵਿਧਾਨ ਦੇ ਉਲਟ ਹੋਇਆ ਹੈ, ਜੇਕਰ ਨਵੇਂ ਜਥੇਦਾਰ ਥਾਪਣੇ ਸਨ ਤਾਂ ਪੰਥਕ ਇਕੱਠ ਕਰਕੇ ਸਿੱਖ ਪੰਥ ਦੀ ਸਹਿਮਤੀ ਨਾਲ ਕਰਨਾ ਚਾਹੀਦਾ ਸੀ, ਅਸੀਂ ਸ਼੍ਰੋਮਣੀ ਪ੍ਰਬੰਧਕ ਕਮੇਟੀ ਦੀ ਅਤਰਿੰਗ ਕਮੇਟੀ ਦੇ ਇਸ ਫੈਸਲੇ ਦੇ ਨਾਲ ਸਹਿਮਤ ਨਹੀਂ ਹਾਂ ਅਤੇ ਜਿਹੜੇ ਜਥੇਦਾਰ ਲਾਹੇ ਹਨ, ਉਨ੍ਹਾਂ ਜਥੇਦਾਰਾਂ ਨੂੰ ਆਦਰ ਸਮੇਤ ਬਹਾਲ ਕੀਤਾ ਜਾਵੇ, ਜੇਕਰ ਸ਼੍ਰੋਮਣੀ ਪ੍ਰਬੰਧਕ ਕਮੇਟੀ ਦੀ ਅਤਰਿੰਗ ਕਮੇਟੀ ਇਹ ਨਹੀਂ ਕਰਦੀ ਤਾਂ ਸਮੂਹ ਜਥੇਬੰਦੀਆਂ ਸਿੱਖ ਪੰਥ ਤੁਹਾਡੇ ਖਿਲਾਫ ਮੋਰਚਾ ਲਾਉਣ ਲਈ ਮਜ਼ਬੂਰ ਹੋਣਗੇ। ਇਸੇ ਤਰ੍ਹਾਂ ਹਰ ਪਾਸੇ ਪੰਥਕ ਏਕਤਾ ਜਥੇਬੰਦੀਆਂ ਜੋ ਕਿ ਸਾਰੇ ਪੰਜਾਬ ਵਿਚ ਰੋਸ ਪ੍ਰਦਰਸ਼ਨ ਕਰ ਰਹੀਆਂ ਹਨ, ਜਿਵੇਂ ਕਿ ਪਹਿਲਾਂ ਜ਼ੀਰਾ ਦੇ ਗੁਰਦੁਆਰਾ ਸਾਹਿਬ ਵਿਖੇ ਉਸ ਤੋਂ ਬਾਅਦ ਸਮੂਹ ਜਥੇਬੰਦੀਆਂ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਫ਼ਿਰੋਜ਼ਪੁਰ ਛਾਉਣੀ ਅਤੇ ਤੀਸਰੀ ਮੀਟਿੰਗ ਗੁਰਦੁਆਰਾ ਵਾਹਕੇ ਮੋੜ ਅਤੇ ਚੋਥੀ ਮੀਟਿੰਗ ਮਖੂ ਵਿਖੇ ਗੁਰਦੁਆਰਾ ਬਾਬਾ ਬਾਠਾਂ ਮਖੂ ਵਿਖੇ ਹੋਈ। ਇਸੇ ਤਰ੍ਹਾਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਨੇ 6 ਮਤੇ ਆਨੰਦਪੁਰ ਵਿਖੇ ਸੰਗਤਾਂ ਦੇ ਜੈਕਾਰਿਆਂ ਨਾਲ ਪਾਸ ਕੀਤੇ ਅਤੇ ਹੁਣ 28 ਮਾਰਚ ਦਿਨ ਸ਼ੁਕਰਵਾਰ ਨੂੰ ਸਰਦਾਰ ਤੇਜ਼ਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਬਹੁਤ ਭਾਰੀ ਰੋਸ ਧਰਨਾ ਦਿੱਤਾ ਜਾ ਰਿਹਾ ਹੈ। ਇਸ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਤਰਿੰਗ ਕਮੇਟੀ ਨੂੰ ਕਹਿਣਾ ਚਾਹੁੰਦੇ ਹਾਂ ਕਿ ਉਹ ਸਿੱਖ ਪੰਥ ਦੇ ਧਿਆਨ ਵਿਚ ਰੱਖ ਕੇ ਰੱਦ ਕੀਤੇ ਜਥੇਦਾਰ ਬਹਾਲ ਕੀਤੇ ਜਾਣ ਤਾਂ ਜੋ ਤੁਹਾਡੇ ਉਪਰ ਵਿਸਵਾਸ਼ ਬਣਿਆ ਰਹੇ।

## ਸ਼ਹੀਦਾਂ ਤੇ ਉਨ੍ਹਾਂ ਦੇ ਸੁਪਨਿਆਂ ਦਾ ਦੇਸ਼ ਬਨਾਉਣ ਵਾਲੇ ਪਰਮ ਸ਼ਹੀਦਾਂ ਦੀ ਸੋਚ ਤੇ ਪਹਿਰਾ ਦੇਣਾ ਹੀ ਅੱਜ ਮਾਰਚ 23 ਸ਼ਹੀਦਾਂ ਦੇ ਸਿਰਤਾਜ ਨੂੰ ਸੱਚੀ-ਸੁੱਚੀ ਸ਼ਰਧਾਂਜਲੀ : ਪੀ.ਸੀ ਕੁਮਾਰ



ਫ਼ਿਰੋਜ਼ਪੁਰ, 23 ਮਾਰਚ (ਮਨੋਹਰ ਲਾਲ) :— ਭਾਰਤ ਦਾ ਵਫਾਦਾਰ ਨਾਗਰਿਕ ਜਨਤਾ ਦਾ ਸੇਵਕ, ਸਿਹਤ ਵਿਭਾਗ ਵਿਚੋਂ ਸੇਵਾ ਮੁਕਤ ਮਾਸ ਮੀਡੀਆ ਅਫਸਰ, ਸੀਨੀਅਰ ਸਿਟੀਜਨ ਸਮਾਜ ਸੁਧਾਰਕ ਸ੍ਰੀ ਪੀ.ਸੀ ਕੁਮਾਰ ਨੇ ਪੱਤਰਕਾਰਾਂ ਨਾਲ ਵਿਚਾਰ ਸਾਂਝੇ ਕਰਦੇ ਆਪਣੇ ਬਚਪਨ ਤੋਂ ਹੁਣ ਤੱਕ ਆਪਣੇ ਆਜ਼ਾਦੀ ਦੇ 1947 ਵਿਚ ਹੋਏ ਘੱਲੂਘਾਰੇ ਵਿਚ ਆਪਣੇ ਪਰਿਵਾਰ ਦੇ ਹੀ ਨਹੀਂ ਸਮੁੱਚੀ ਮਾਨਵਤਾ ਨਾਲ ਜ਼ੋ ਹੱਡ ਬੀਤੀ ਇਨਸਾਨਿਅਤ ਦਾ ਜਨਾਜਾ ਨਿਕਲਿਆ ਇਕ ਧੀ ਰੋਈ ਵਾਰਸਸ਼ਾਹ ਨੂੰ ਕਬਰਾਂ ਵਿਚੋਂ ਉਠ ਲੱਖਾਂ ਧੀਆਂ ਨੂੰ ਰੋਂਦੀਆਂ ਕੁਰਲਾਦਿਆਂ ਪੱਤਾ ਲੁਟੇਦਿਆਂ ਸਿਰ ਦੇ ਸ਼ਾਹੀ ਪਤੀ, ਪੂਤ, ਭਰਾ, ਪਿਤਾ ਦਾ ਸਾਇਆ ਲਹੂ ਦੀਆਂ ਨਹਿਰਾਂ, ਗੱਡੀਆਂ ਭਰੀਆਂ ਵੱਲ ਇਸ਼ਾਰਾ ਕਰ ਕੁਝ ਲਿਖਣ ਲਈ ਇਸ਼ਾਰਾ ਕਰ ਜ਼ੋ ਕੁਝ ਹੋਇਆ ਉਹ ਸਭ ਇਨ੍ਹਾਂ ਵੋਟਾਂ ਦੀ ਰਾਜਨੀਤੀ ਗਦੀਆਂ ਦੇ ਭੁੱਖੇ ਦੋਨੋਂ ਦੇਸ਼ਾਂ ਅੰਗਰੇਜਾਂ ਦੀ ਪਾੜੋ ਰਾਜ ਕਰੋ ਜਾਂਦੇ ਹੋਏ ਸ਼ਿਕਾਰ ਹੋਏ ਲੱਖਾਂ ਨੂੰ ਇਸ ਇਨਸਾਨੀਅਤ ਦਾ ਜਨਾਜਾ ਨੰਗਾ ਨਾਚ ਇਨ੍ਹਾਂ ਨੇਤਾਵਾਂ ਕਰ ਭਾਰਤ ਦੇ ਪਾਕਿਸਤਾਨ ਦੀ ਵਸਦੀ ਰਸਦੀ ਜਨਤਾ ਨੂੰ ਇਕ ਦੂਜੇ ਦਾ ਦੁਸ਼ਮਣ ਬਣਾ ਅਜਿਹਾ ਇਤਿਹਾਸ ਰਚਿਆ ਜ਼ੋ ਅੱਜ ਫਿਰ ਉਹੀ ਭਾਰਤ ਇਸ ਦਾ ਸ਼ਿਕਾਰ ਰੋਜ਼ਾਨਾ ਧਰਮ, ਜਾਤ, ਪਾਤ ਇਲਾਕੇ ਬੋਲੀ ਦੇ ਨਾਮ ਤੇ ਇਸਦੀਆਂ ਇਨ੍ਹਾਂ ਸ਼ਹੀਦਾਂ ਨੂੰ ਕੌਮ ਦੇਸ਼ ਦਾ ਸਰਮਾਇਆ ਨਾ ਬਨਾ ਵੋਟਾਂ ਦੀ ਰਾਜਨੀਤੀ ਕੌਮਾਂ ਦੀ ਧਰਮਾਂ ਦੀ ਜਾਤੀ ਮਲਕੀਅਤ ਬਨਾ ਵੋਟਰ ਨੂੰ ਗੁੰਮਰਾਹ ਕਰ ਉਨ੍ਹਾਂ ਦੇ ਦਿਨਾਂ ਤੇ ਛੁਟੀਆਂ ਬੁਤ ਲਗਾ ਕੇ ਆਪਣੇ ਘਰਾਂ, ਦਫਤਰਾਂ ਭਾਵ ਥਾਂ—ਥਾਂ ਫੋਟੋ ਲਗਾ ਉਹ ਸ਼ਹੀਦਾਂ ਪ੍ਰਮ ਸ਼ਹੀਦਾਂ ਦਾ ਅਪਮਾਨ ਜਲੂਸ ਜਨਾਜਾ ਕੱਢ ਰਹੇ ਹਨ, ਜ਼ੋ ਫਿਰ ਕਿਸੇ ਨਾ ਕਿਸੇ ਦਿਨ ਡਰ ਫਿਰ 1947 ਦਾ ਘੱਲੂਘਾਰਾ ਬਨ ਉਨ੍ਹਾਂ ਸ਼ਹੀਦਾਂ ਦੀਆਂ ਕੁਰਬਾਨੀਆਂ, ਤਿਆਗ, ਉਨ੍ਹਾਂ ਦੀ ਸੋਚ, ਵਿਚਾਰਧਾਰਾ ਜ਼ੋ ਅੱਜ ਘਰਾਂ, ਸਕੂਲਾਂ, ਸਰਕਾਰੀ, ਅਰਧ ਸਰਕਾਰੀ, ਪ੍ਰਾਈਵੇਟ ਅਦਾਰਿਆਂ ਵਿਚੋਂ ਅਲੋਪ ਹੋ ਵੋਆਂ ਦੀ ਰਾਜਨੀਤੀ ਦਾ ਬੋਲਬਾਲਾ ਹੈ, ਇਹ ਸੁਨੀ ਸੁਨਾਈ ਨਹੀਂ ਹੱਡ ਬੀਤੀ, ਅੱਖੀ ਦੇਖੀ ਜਨਤਾ ਨਾਲ ਜ਼ੋ ਹੋ ਰਿਹਾ ਉਨ੍ਹਾਂ ਫੋਟਿਆਂ ਬੁੱਤਾਂ ਨੂੰ ਵੀ ਦਸਵੰਦ ਦੇ—ਦੇ ਕੇ ਉਨ੍ਹਾਂ ਦਾ ਜਨਾਜਾ ਜ਼ੋ ਆਉਣ ਵਾਲੇ ਸਮੇਂ ਹੋਣ ਜਾ ਰਿਹਾ ਹੈ, ਉਹ ਅੱਜ ਖਤਰਾ ਮੰਡਲਾ ਰਿਹਾ ਹੈ, ਸੋਚ ਵਿਚ ਰੋਜ਼ ਜਨਤਾ ਫਰੀ—ਫਰੀ ਛੱਡ ਉਨ੍ਹਾਂ ਦੀ ਵਿਚਾਰ ਧਾਰਾ ਸੋਚ ਤੇ ਪਹਿਰਾ ਦੇਣ ਦੀ ਲੋੜ ਹੈ।

## ਸ਼ਹੀਦ ਭਗਤ ਸਿੰਘ ਨੂੰ ਇੰਡੀਅਨ ਸੋਸ਼ਲ ਵੈਲਫੇਅਰ ਸੁਸਾਇਟੀ ਨੇ ਅਰਪਿਤ ਕੀਤੀਆਂ ਸ਼ਰਧਾਂਜਲੀਆਂ



ਫ਼ਿਰੋਜ਼ਪੁਰ, 23 ਮਾਰਚ (ਮਨੋਹਰ ਲਾਲ) :— ਭਾਰਤ ਦੇਸ਼ ਨੂੰ ਆਜ਼ਾਦ ਕਰਵਾਉਣ ਵਾਲੇ ਭਾਰਤ ਸਪੂਤ ਸਰਦਾਰ ਭਗਤ ਸਿੰਘ, ਰਾਜਗੁਰੂ, ਸੁਖਦੇਵ ਨੌਜਵਾਨ ਜਿਹੜੇ ਅੱਜ ਦੇ ਦਿਨ 23 ਮਾਰਚ 1931 ਨੂੰ ਹਸਦੇ ਹਸਦੇ ਫਾਂਸੀ ਤੇ ਚੜ੍ਹ ਗਏ। ਸਾਰੇ ਦੇਸ਼ ਵਾਸੀਆਂ ਨੂੰ ਉਨ੍ਹਾਂ ਸ਼ਹੀਦਾਂ ਦੇ ਦਰਸਾਏ ਮਾਰਗ ਤੇ ਚੱਲਣ ਲਈ ਪ੍ਰਣ ਕਰੀਏ ਕਿ ਸਾਡੇ ਲਈ ਕਿਹੜੀ ਆਜ਼ਾਦੀ ਚਾਹੁੰਦੇ ਸਨ। ਉਨ੍ਹਾਂ ਦੀ ਸੋਚ ਤੇ ਪਹਿਰਾ ਦੇਂਦੇ ਹੋਏ ਨੋਜਵਾਨਾਂ ਨੂੰ ਨਸ਼ੇ ਤਿਆਗ ਕੇ ਦੇਸ਼ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਅਗੇ ਆਉਣਾ ਚਾਹੀਦਾ ਹੈ। ਇਹ ਵਿਚਾਰ ਇੰਡੀਅਨ ਸੋਸ਼ਲ ਵੈਲਫੇਅਰ ਸੋਸਾਇਟੀ ਦੇ ਸਮੂੰਹ ਮੈਂਬਰਾਂ ਵੱਲੋਂ ਚੋਂਕ ਸ਼ਹੀਦ ਭਗਤ ਮੁਲਤਾਨੀ ਗੇਟ ਵਿਖੇ ਸ਼ਹੀਦ ਭਗਤ ਸਿੰਘ ਜੀ ਦੇ ਬੁੱਤ ਨੂੰ ਫੂਲ ਮਾਲਾ ਪਹਿਨਾ ਕੇ ਸ਼ਰਧਾਂਜਲੀ ਦੇਣ ਸਮੇਂ ਸਾਂਝੇ ਕੀਤੇ। ਇਸ ਮੋਕੇ ਹਰਜੀਤ ਸਿੰਘ, ਯਸ਼ਪਾਲ ਸ਼ਰਮਾ, ਡਾਕਟਰ ਰੋਸ਼ਨ ਲਾਲ ਸੰਤੋਸ਼ੀ, ਕੁਲਦੀਪ ਰਾਏ, ਕਮਲ ਕੁਮਾਰ, ਸੰਨੀ, ਵਿਕੀ ਪ੍ਰਧਾਨ ਹਾਜ਼ਰ ਸਨ।

ਕੌਮੀ ਯੋਧੇ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ 21ਵੇਂ

# ਸ਼ਹੀਦੀ ਸਮਾਗਮ ਪਿੰਡ ਆਰਿਫਕੇ ਵਿਖੇ ਉਨ੍ਹਾਂ ਦੇ ਗ੍ਰਹਿ ਵਿਖੇ ਮਨਾਇਆ







**ਫ਼ਿਰੋਜ਼ਪੁਰ, 23 ਮਾਰਚ (ਮਨੋਹਰ ਲਾਲ)** :— ਜੂਨ 1984 ਦੇ ਘੱਲੂਘਾਰੇ ਵਿਚ ਸ਼ਹਾਦਤ ਦਾ ਜਾਮ ਪੀਣ ਵਾਲੇ ਦਮਦਮੀ ਟਕਸਾਲ ਦੇ ਜੁਝਾਰੂ ਯੋਧੇ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਦੀ ਯਾਦ ਵਿਚ ਮਹਾਨ ਸ਼ਹੀਦੀ ਸਮਾਗਮ ਉਨ੍ਹਾਂ ਦੇ ਗ੍ਰਹਿ ਪਿੰਡ ਆਰਿਫਕੇ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਤੋਂ ਇਲਾਵਾ ਵੱਖ—ਵੱਖ ਧਾਰਮਿਕ ਜਥੇਬੰਦੀਆਂ ਨੇ ਆਪਣੀ ਹਾਜ਼ਰੀ ਭਰੀ। ਇਸ ਮੌਕੇ ਤੇ ਹਜ਼ੂਰੀ ਰਾਗੀ ਜਥਾ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ ਸਾਹਿਬ ਗਿਆਨੀ ਜਤਿੰਦਰਪਾਲ ਜ਼ੋਧ ਨੇ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਵਾਹ—ਵਾਹ ਕਰਨ ਲਈ ਮਜ਼ਬੂਰ ਕੀਤਾ। ਇਸ ਮੌਕੇ ਤੇ ਸੰਪਰਦਾਇ ਢਾਬਸਰ ਸਾਹਿਬ ਦੇ ਹਜ਼ੂਰੀ ਕਵੀਸ਼ਰੀ ਜਥਾ ਭਾਈ ਗੁਰਪਾਲ ਸਿੰਘ ਮਾੜੀਮੇਘਾ ਨੇ ਕਵੀਸ਼ਰੀ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਬਾਬਾ ਜ਼ਸਵੰਤ ਸਿੰਘ ਸੋਢੀ ਆਸਲ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਹਾਜ਼ਰੀ ਲੁਆਈ। ਇਸ ਮੌਕੇ ਤੇ ਸੰਤ ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲਾ ਦੇ ਭੁਚੱਗੀ ਬਾਬਾ ਪ੍ਰੇਮ ਸਿੰਘ ਦਲ ਪੰਥ ਬਾਬਾ ਬਿਧੀ ਚੰਦ ਛੀਨਾ ਗੁਰੂ ਕਾ ਸੀਨਾ ਨੇ ਆਪਣੀ ਹਾਜ਼ਰੀ ਲੁਆਈ। ਸਿੰਘ ਸਾਹਿਬ ਗਿਆਨੀ ਗੁਰਮੁੱਖ ਸਿੰਘ ਹੈਡ ਗ੍ਰੰਥੀ ਸ੍ਰੀ ਅਕਾਲ ਤਖਤ ਸਾਹਿਬ ਭਾਈ ਰਣਜੀਤ ਸਿੰਘ ਪ੍ਰਧਾਨ ਯੂਥ ਫੈਡਰੇ.ਨ ਭਿੰਡਰਾਂ ਵਾਲਿਆਂ ਤੋਂ ਇਲਾਵਾ ਜਥੇਦਾਰ ਬਾਬਾ ਜ਼ੋਗਾ ਸਿੰਘ ਤਰਨਾਦਲ ਵਾਲੇ, ਬਾਬਾ ਦਰਸ਼ਨ ਸਿੰਘ ਬੋਰੀਵਾਲਾ, ਭਾਈ ਸਰਬਜੀਤ ਸਿੰਘ ਐਸ.ਪੀ ਫਰੀਦਕੋਟ, ਭਾਈ ਅੰਮ੍ਰਿਤ ਪਾਲ ਸਿੰਘ ਐਸ.ਪੀ ਦੀ ਸਤਿਕਾਰਯੋਗ ਮਾਤਾ ਨੇ ਆਪਣੀ ਹਾਜ਼ਰੀ ਲੁਆਈ। ਇਸ ਮੌਕੇ ਤੇ ਬਾਬਾ ਜੁਗਰਾਜ ਸਿੰਘ ਸਰਗਿੰਦ, ਭਾਈ ਰਣਜੀਤ ਸਿੰਘ ਪ੍ਰਧਾਨ ਯੂਥ ਫੈਡਰੇਸ਼ਨ ਭਿੰਡਰਾਂ ਵਾਲੇ, ਭਾਈ ਕੰਵਰਚੜਤ ਸਿੰਘ, ਬਾਬਾ ਦਿਲਬਾਗ ਸਿੰਘ ਆਰਿਫਕੇ, ਗਿਆਨੀ ਸੁਖਦੇਵ ਸਿੰਘ ਖਾਲਸਾ ਬੁਕਣ ਖਾਂ ਵਾਲੇ, ਸੰਤ ਬਾਬਾ ਕੁਲਦੀਪ ਸਿੰਘ ਝਾੜ ਸਾਹਿਬ ਵਾਲੇ, ਸੰਤ ਬਾਬਾ ਜ਼ਸਕਰਨ ਸਿੰਘ ਅਕਬਰਪੁਰ ਵਾਲੇ, ਭਾਈ ਲਖਬੀਰ ਸਿੰਘ ਮਹਾਲਮ ਪ੍ਰਧਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ, ਗਿਆਨੀ ਤੇਜਬੀਰ ਸਿੰਘ ਵਿਦਿਆਰਥੀ ਦਮਦਮੀ ਟਕਸਾਲ, ਭਾਈ ਮੋਹਕਮ ਸਿੰਘ ਦਮਦਮੀ ਟਕਸਾਲ, ਬਾਬਾ ਸੱਜਣ ਸਿੰਘ ਮੁੱਖ ਸਲਾਹਕਾਰ ਇੰਟਰਨੈਸ਼ਨਲ ਪੰਥਕ ਦਲ, ਭਾਈ ਰਜਿੰਦਰ ਸਿੰਘ ਯੂ.ਕੇ ਜਿਨ੍ਹਾਂ ਯੂ.ਕੇ ਵਿਖੇ 34 ਸਾਲ ਜੇਲ੍ਹ ਕੱਟ ਕੇ ਅੰਮ੍ਰਿਤਸਰ ਸਾਹਿਬ ਵਿਖੇ ਪਹੁੰਚੇ। ਇਸ ਤੋਂ ਇਲਾਵਾ ਭਾਈ ਚਮਕੌਰ ਸਿੰਘ ਦਮਦਮੀ ਟਕਸਾਲ, ਭਾਈ ਗੁਰਮੀਤ ਸਿੰਘ ਦਮਦਮੀ ਟਕਸਾਲ, ਭਾਈ ਭਜਨ ਸਿੰਘ ਦੁਆਬੀਆ, ਬਾਬਾ ਭੋਲਾ, ਬਾਬਾ ਜਰਨੈਲ ਸਿੰਘ ਓਸਮਾਨ ਵਾਲਾ, ਭਾਈ ਬਖਸ਼ੀਸ਼ ਸਿੰਘ, ਭਾਈ ਮਨਜੀਤ ਸਿੰਘ ਆਰਿਫਕੇ, ਭਾਈ ਨਰੈਣ ਸਿੰਘ, ਜੁਗਰਾਜ ਸਿੰਘ, ਭਾਈ ਸਤਨਾਮ ਸਿੰਘ ਮਨਾਵਾ, ਭਾਈ ਦਲਜੀਤ ਸਿੰਘ ਮਹਾਲਮ, ਭਾਈ ਸੁਰਿੰਦਰ ਸਿੰਘ, ਗੁਰਮੀਤ ਸਿੰਘ, ਬਲਰਾਜ ਸਿੰਘ ਉਰਫ ਮਟੂ, ਮਲਕੀਤ ਸਿੰਘ ਮੀਤਾ, ਸੇਵਾ ਸਿੰਘ ਪ੍ਰਧਾਨ, ਭਾਈ ਹਜ਼ਾਰਾ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸਿੰਘਾਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਭਾਈ ਰਣਜੀਤ ਸਿੰਘ ਪ੍ਰਧਾਨ ਯੂਥ ਫੈਡਰੇਸ਼ਨ ਭਿੰਡਰਾਂ ਵਾਲੇ ਨੇ ਬੋਲਦਿਆਂ ਕਿਹਾ ਕਿ ਸਾਨੂੰ ਸ਼ਹੀਦਾਂ ਦੀਆਂ ਬਰਸੀਆਂ ਸਾਨੂੰ ਰਲ ਮਿਲ ਕੇ ਮਨਾਉਣੀ ਚਾਹੀਦੀ ਹੈ, ਕਿਉਂਕਿ ਸ਼ਹੀਦ ਸਾਡੀ ਕੌਮ ਦੇ ਸਰਮਾਏ ਹੁੰਦੇ ਹਨ, ਜਿਹੜੀਆਂ ਕੌਮਾਂ ਆਪਣੇ ਸ਼ਹੀਦਾਂ ਨੂੰ ਭੁੱਲ ਜਾਂਦੀਆਂ ਹਨ, ਉਹ ਸਦਾ—ਸਦਾ ਲਈ ਖਤਮ ਹੋ ਜਾਂਦੀਆਂ ਹਨ ਅਤੇ ਉਨ੍ਹਾਂ ਕੌਮਾਂ ਦੇ ਨਾਮ ਨਿਸ਼ਾਨ ਮਿਟ ਜਾਂਦੇ ਹਨ। ਭਾਈ ਸਾਹਿਬ ਨੇ ਅੱਗੇ ਕਿਹਾ ਕਿ ਅੱਜ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀਆਂ ਹਿਮਾਚਲ ਵਾਲੇ ਵਾਦ ਵਿਵਾਦ ਕਰ ਰਹੇ ਹਨ, ਪਰ ਮਹਾਂਪੁਰਸ਼ 20ਵੀ ਸਦੀ ਦੇ ਮਹਾਨ ਯੋਧੇ ਸੰਤ ਬਾਬਾ ਜਰਨੈਲ ਸਿੰਘ ਭਿੰਡਰਾਂ ਵਾਲੇ ਹਿੰਦੂ ਸਿੱਖ ਏਕਤਾ ਦੇ ਮੁਦਈ ਸਨ, ਉਹ ਹਰ ਧਰਮ ਦਾ ਸਤਿਕਾਰ ਕਰਦੇ ਸੀ ਅਤੇ ਉਹ ਕਹਿੰਦੇ ਹੁੰਦੇ ਸੀ ਹਿੰਦੂ ਨੂੰ ਆਪਣੇ ਧਰਮ ਤੇ ਪ੍ਰਪੱਕ ਅਤੇ ਸਿੱਖ ਨੂੰ ਆਪਣੇ ਧਰਤ ਤੇ ਪਰਪਕ ਰਹਿਣਾ ਚਾਹੀਦਾ ਹੈ, ਉਨ੍ਹਾਂ ਹਜ਼ਾਰਾਂ ਦੀ ਤਦਾਦ ਵਿਚ ਹਿੰਦੂਆਂ ਦੀਆਂ ਬਹੂ ਬੇਟੀਆਂ ਵਸਾਈਆਂ, ਇਸ ਮੌਕੇ ਤੇ ਇਕ ਮੁਫਤ ਮੈਡੀਕਲ ਕੈਂਪ ਲਾਇਆ ਗਿਆ। ਇਹ ਮੁਫਤ ਮੈਡੀਕਲ ਕੈਂਪ ਅਮਨਜੀਤ ਸਿੰਘ ਆਰਿਫਕੇ ਵੱਲੋਂ ਲਾਇਆ ਗਿਆ। ਇਸ ਮੌਕੇ ਤੇ ਸ਼ਹੀਦ ਪਰਿਵਾਰ ਨੂੰ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਸੰਤਾਂ ਮਹਾਂਪੁਰਸ਼ਾਂ ਦਾ ਸਨਮਾਨਿਤ ਕੀਤਾ। ਇਸ ਮੌਕੇ ਤੇ ਗੁਰੂ ਕਾ ਲੰਗਰ ਮਿਠਾਈਆਂ ਦਾ ਲੰਗਰ ਪਕੌੜਿਆਂ ਦਾ ਲੰਗਰ ਅਤੁੱਟ ਵਰਤਾਇਆ ਗਿਆ।

**ਭਾਰੀ ਗਿਣਤੀ ਵਿਚ ਸੰਤਾਂ, ਮਹਾਂਪੁਰਸ਼ਾਂ ਨੇ ਲੁਆਈ ਹਾਜ਼ਰੀ**

ਆਵਾਜ਼ਿ ਕੌਮ AWAZE QAUM International Newspaper & WEB TV

# ਕਿਸਾਨੀ ਮਸਲਿਆਂ ਲਈ ਸੰਯੁਕਤ ਕਿਸਾਨ ਮੋਰਚੇ ਦੀ ਹੋਈ ਮੀਟਿੰਗ



ਫ਼ਿਰੋਜ਼ਪੁਰ, 23 ਮਾਰਚ (ਮਨੋਹਰ ਲਾਲ) :— ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉਪਰ ਜ਼ਿਲਾ ਫਿਰੋਜ਼ਪੁਰ ਦੀਆਂ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਿਲ ਜਥੇਬੰਦੀਆਂ ਵਲੋਂ ਕਿਲੇ ਵਾਲੇ ਮੋੜ ਤੋਂ ਲੇ ਕੇ ਸ਼ਹੀਦੀ ਸਮਾਰਕ ਹੁਸੈਨੀਵਾਲਾ ਤੱਕ ਮੋਟਰਸਾਈਕਲ ਅਤੇ ਗੱਡੀਆਂ ਰਾਹੀਂ ਮਾਰਚ ਕੀਤਾ ਗਿਆ। ਸ਼ਹੀਦੀ ਸਮਾਰਕ ਤੇ ਪਹੁੰਚਣ ਉਪਰੰਤ ਕਿਸਾਨ ਸਾਥੀਆਂ ਅਤੇ ਕਿਸਾਨ ਔਰਤਾਂ ਵੱਲੋਂ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਮੌਕੇ ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ ਸ਼ਹੀਦ ਭਗਤ ਸਿੰਘ ਅੱਜ ਵੀ ਸਾਡੇ ਵਿੱਚ ਮਜੂਦ ਹੈ ਕਿਉਕਿ ਸਰਕਾਰਾਂ ਵੱਲੋਂ ਸ਼ਹੀਦ ਭਗਤ ਸਿੰਘ ਨੂੰ ਭਲਾਂ ਫਾਂਸੀ ਦੇ ਦਿੱਤੀ ਗਈ ਸੀ ਲੇਕਿਨ ਉਨ੍ਹਾਂ ਦੀ ਸੋਚ ਅਤੇ ਸਮਜ਼ ਅੱਜ ਵੀ ਲੋਕਾਂ ਵਿਚ ਵਸਦੀ ਹੈ ਅਤੇ ਉਨ੍ਹਾਂ ਦੀ ਸੋਚ ਅਤੇ ਸਮਝ ਉਪਰ ਅੱਜ ਕਿਸਾਨ ਜਥੇਬੰਦੀਆ ਸਰਕਾਰ ਨਾਲ ਲੜ ਰਹੀਆਂ ਹਨ। ਆਗੂਆਂ ਨੇ ਕਿਹਾ ਕਿ ਭਗਤ ਸਿੰਘ ਨੇ ਕਿਹਾ ਸੀ ਕਿ ਜਦੋਂ ਤੱਕ ਮਨੁੱਖ ਦੇ ਹੱਥੋਂ ਮਨੁੱਖ ਦੀ ਲੁੱਟ ਖਤਮ ਨਹੀਂ ਹੁੰਦੀ ਉਦੋਂ ਤੱਕ ਸਾਡੀ ਜੰਗ ਜਾਰੀ ਰਹੇਗੀ ਸੋ ਅੱਜ ਵੀ ਮਨੁੱਖ ਦੇ ਹੱਥੋਂ ਮਨੁੱਖ ਦੀ ਲੁੱਟ ਹੋ ਰਹੀ ਹੈ, ਸੋ ਭਗਤ ਸਿੰਘ ਦੀ ਇਸ ਸੋਚ ਨੂੰ ਅੱਗੇ ਤੋਰਨ ਲਈ ਇਹ ਲੜਾਈ ਜਾਰੀ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਇਸ ਸੋਚ ਨੂੰ ਮਾਰਨ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕੋਈ ਵੀ ਕਮੀ ਨਹੀਂ ਛੱਡੀ ਆਪਣੀਆ ਮੰਗਾਂ ਨੂੰ ਲੇ ਕੇ ਕਿਸਾਨ ਚੰਡੀਗੜ੍ਹ ਜਾ ਰਹੇ ਸੀ ਉਨ੍ਹਾਂ ਨੂੰ ਜੇਲ ਵਿਚ ਬੰਦ ਕੀਤਾ ਗਿਆ, ਸ਼ੰਭੂ ਅਤੇ ਖਨੌਰੀ ਬਾਰਡਰ ਤੋਂ ਮੋਰਚਾ ਹਟਾ ਦਿੱਤਾ ਗਿਆ। ਮੀਟਿੰਗ ਤੋਂ ਬਾਅਦ ਕਿਸਾਨ ਆਗੂਆਂ ਨੂੰ ਗ੍ਰਿਫਤਾਰ ਕਰਕੇ ਜੇਲ੍ਹ ਵਿੱਚ ਬੰਦ ਕੀਤਾ ਗਿਆ, ਲੇਕਿਨ ਇਹ ਸਭ ਕਰਕੇ ਕਿਸਾਨ ਸੰਘਰਸ਼ ਨੂੰ ਦਬਾਇਆ ਨਹੀਂ ਜਾ ਸਕਦਾ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਪ੍ਰਧਾਨ ਹਰਨੇਕ ਸਿੰਘ ਮਹਿਮਾ, ਸੂਬਾ ਕਮੇਟੀ ਮੈਂਬਰ ਅੰਮ੍ਰਿਤਪਾਲ ਕੌਰ, ਜ਼ਿਲਾ ਪ੍ਰਧਾਨ ਜਗੀਰ ਸਿੰਘ ਖਹਿਰਾ, ਜ਼ਿਲਾ ਪ੍ਰੈੱਸ ਸਕੱਤਰ ਲਖਵੀਰ ਸਿੰਘ ਡੋਡ, ਜ਼ਿਲਾ ਜਨਰਲ ਸਕੱਤਰ ਗੁਲਜ਼ਾਰ ਸਿੰਘ ਕੱਬਰਵੱਛਾ, ਜ਼ਿਲਾ ਕਮੇਟੀ ਮੈਂਬਰ ਪਰਵਿੰਦਰ ਕੌਰ, ਜ਼ਿਲਾ ਕਮੇਟੀ ਮੈਂਬਰ ਰਾਜਬੀਰ ਕੌਰ ਗੁਰੂਹਰਸਹਾਏ 1 ਬਲਾਕ ਪ੍ਰਧਾਨ ਅਸ਼ੋਕ ਕੁਮਾਰ ਜੰਡਵਾਲਾ ਗੁਰੂਹਰਸਹਾਏ 2 ਬਲਾਕ ਪ੍ਰਧਾਨ ਸੁਖਦੇਵ ਕੁਮਾਰ ਢੋਟ ਮਮਦੋਟ ਬਲਾਕ ਜਨਰਲ ਸਕੱਤਰ ਹਰਬੰਸ ਸਿੰਘ ਜੋਧਪੁਰ ਜ਼ੀਰਾ ਬਲਾਕ ਪ੍ਰਧਾਨ ਪਰਨੀਤ ਸਿੰਘ ਭੜਾਣਾ ਘਲ ਬਲਾਕ ਪ੍ਰਧਾਨ ਬਲਵੰਤ ਸਿੰਘ ਸ਼ਿਹਜ਼ਾਦੀ ਮੱਖੂ ਬਲਾਕ ਜਨਰਲ ਸਕੱਤਰ ਗੁਰਭੇਜ ਸਿੰਘ, ਸੁਰਜੀਤ ਸਿੰਘ ਬਰਾੜ, ਪਰਮਜੀਤ ਸਿੰਘ ਬਰਾੜ, ਰਣਧੀਰ ਸਿੰਘ ਫਰੀਦਕੋਟ ਜ਼ਿਲਾ ਪ੍ਰਧਾਨ ਜਸਕਰਨ ਸਿੰਘ, ਸੁਖਚੈਨ ਸਿੰਘ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਤੋਂ ਸੂਬਾ ਪ੍ਰੈਸ ਸਕੱਤਰ ਅਵਤਾਰ ਸਿੰਘ ਮਹਿਮਾ ਭਾਰਤੀ ਕਿਸਾਨ ਯੂਨੀਅਨ ਮਾਨਸਾ ਤੋਂ ਮੇਜਰ ਸਿੰਘ ਰੰਧਾਵਾ ਕਿਸਾਨ ਸੰਘਰਸ਼ ਕਮੇਟੀ ਤੋਂ ਪੰਜਾਬ ਪ੍ਰਧਾਨ ਸੁਖਦੇਵ ਸਿੰਘ ਰਾਈਆਂ ਵਾਲਾ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਤੋਂ ਦਿਲਬਾਗ ਸਿੰਘ ਸੁਰ ਸਿੰਘ ਵਾਲਾ ਰਣਜੀਤ ਸਿੰਘ ਝੋਕ ਪਰਤਾਪ ਸਿੰਘ ਲਖਮਿਰਪੁਰਾ ਕਿਸਾਨ ਸੰਘਰਸ਼ ਕਮੇਟੀ ਤੋਂ ਜੱਗਾ ਸਿੰਘ ਨੰਗਲ ਨਵਤੇਜ ਸਿੰਘ ਰਾਣਾ ਸੰਧੂ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਸਿੰਘਾਂ ਸ਼ਹੀਦਾਂ ਫਿਲੌਰ ਵਿਖੇ ਮਹੀਨਾ ਵਾਰੀ ਗੁਰਮਤਿ ਸਮਾਗਮ ਕਰਵਾਇਆ ਗਿਆ ਸੈਂਕੜੇ ਸੰਗਤਾਂ ਨੇ ਭਰੀ ਹਾਜ਼ਰੀ: ਸੰਤ ਸੁਖਵਿੰਦਰ ਸਿੰਘ ਜੀ



**ਜੰਡਿਆਲਾ ਗੁਰੂ, 23 ਮਾਰਚ ( ਕੁਲਵੰਤ ਸਿੰਘ ਵਿਰਦੀ)**-ਹਰ ਮਹੀਨੇ ਦੇ ਜੇਠੇ ਐਤਵਾਰ ਨੂੰ ਸ਼ਰਧਾਲੂਆਂ ਵੱਲੋਂ ਰਖਵਾਏ ਅਖੰਡ ਪਾਠ ਸਾਹਿਬ ਭੋਗਾਂ ਤੋਂ ਉਪਰੰਤ ਸੰਗਤਾਂ ਨੂੰ ਗੁਰਬਾਣੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਨਾਲ ਸਿੱਖੀ ਦੇ ਸੁਨਹਿਰੀ ਵਿਰਸੇ ਇਤਿਹਾਸ ਨਾਲ ਜੋੜਨ ਲਈ ਚਲਾਈ ਮਰਯਾਦਾ ਤਹਿਤ ਇਸ ਮਹੀਨੇ ਦੇ ਜੇਠੇ ਐਤਵਾਰ ਨੂੰ ਮਨਾਏ ਗੁਰਮਤਿ ਸਮਾਗਮ ਦੀਆਂ ਹਜ਼ਾਰਾਂ ਸੰਗਤਾਂ ਨੇ ਹਾਜ਼ਰੀਆਂ ਲਵਾਈਆਂ ਤੇ ਆਪਣਾ ਸੁਨਹਿਰੀ ਜੀਵਨ ਸਫਲ ਬਣਾਇਆ, ਇਸ ਮੌਕੇ ਅਖੰਡ ਪਾਠਾਂ ਦੇ ਭੋਗ ਪਾਏ, ਧਾਰਮਿਕ ਦੀਵਾਨ ਸਜਾਏ ਗਏ, ਧਾਰਮਿਕ ਬੁਲਾਰਿਆਂ ਤੇ ਹੋਰਾਂ ਦਾ ਗੁਰਦੁਆਰਾ ਸਾਹਿਬ ਦੇ ਮੁੱਖੀ ਸੰਤ ਸੁਖਵਿੰਦਰ ਸਿੰਘ ਜੀ, ਸੰਤ ਜਰਨੈਲ ਸਿੰਘ ਜੀ ਤੇ ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ ਵੱਲੋਂ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਗੁਰਮਤਿ ਸਮਾਗਮ ਦੀਆਂ ਹਾਜ਼ਰੀਆਂ ਭਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ।

ਭਾਈ ਖਾਲਸਾ ਨੇ ਇਸ ਮਹੀਨੇ ਦੇ ਗੁਰਮਤਿ ਸਮਾਗਮ ਸਬੰਧੀ ਪਰਸੋਂ ਦੇ ਰੋਜ਼ ਤੋਂ ਗੁਰਦੁਆਰਾ ਸਾਹਿਬ ਵਿਖੇ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ ਸਨ ਜਿਨ੍ਹਾਂ ਦੇ ਸੰਪੂਰਨ ਭੋਗ ਅਰਦਾਸ ਤੇ ਪਾਵਨ ਪਵਿੱਤਰ ਹੁਕਮ ਨਾਮੇ ਦੀ ਕਥਾ ਵਿਚਾਰ ਸੰਤ ਸੁਖਵਿੰਦਰ ਸਿੰਘ ਜੀ ਵੱਲੋਂ ਕਰਨ ਤੋਂ ਉਪਰੰਤ ਹੋਈ,ਸੰਤ ਸੁਖਵਿੰਦਰ ਸਿੰਘ ਜੀ ਨੇ ਕਿਹਾ ਬੀਤੇ ਦਿਨੀਂ ਗੁਰਦੁਆਰਾ ਸਾਹਿਬ ਵਿਖੇ ਬਾਬਾ ਜਸਵੰਤ ਸਿੰਘ ਜੀ ਆਤਮ ਚਲਾਣਾ ਕਰ ਗਏ ਸਨ ਅਤੇ ਉਨ੍ਹਾਂ ਦੇ ਨਮਿਤ ਰੱਖੀ ਪਾਠ ਤੋਂ ਇਲਾਵਾ ਦੋ ਸੰਪਟ,ਦੋ ਜਪੁਜੀ ਸਾਹਿਬ ਤੇ ਛੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਮੇਤ ਟੋਟਲ 10 ਅਖੰਡ ਪਾਠਾਂ ਦੇ ਭੋਗ ਪਾਏ ਗਏ ਉਨ੍ਹਾਂ ਨੇ ਕਥਾ ਵਿਚਾਰ ਰਾਹੀਂ ਦੱਸਿਆ ਇਹ ਮਨੁੱਖ ਪਾਣੀ ਦਾ ਬੁਲਬੁਲਾ ਹੈ ਅਤੇ ਇਸ ਦੀ ਮਿਆਦ ਨਹੀਂ ਇਸ ਕਰਕੇ ਹਰ ਮਨੁੱਖ ਨੂੰ ਆਪਣਾ ਮਨੁੱਖੀ ਜੀਵਨ ਸਫ਼ਲ ਬਣਾਉਣ ਲਈ ਗੁਰਬਾਣੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣਾ ਚਾਹੀਦਾ ਹੈ, ਇਸ ਮੌਕੇ ਤੇ ਵੱਡੇ ਮਹਾਂਪੁਰਖ ਸੰਤ ਬਾਬਾ ਜਰਨੈਲ ਸਿੰਘ ਜੀ ਨੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਸਮੂਹ ਧਾਰਮਿਕ ਬੁਲਾਰਿਆਂ ਤੇ ਹੋਰ ਧਾਰਮਿਕ ਸਿਆਸੀ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ, ਇਸ ਮੌਕੇ ਸੰਤ ਸੁਖਵਿੰਦਰ ਸਿੰਘ ਜੀ, ਸੰਤ ਜਰਨੈਲ ਸਿੰਘ ਜੀ, ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਏ ਆਈ ਐਸ ਐਸ ਐਫ ਖਾਲਸਾ, ਡਾਕਟਰ ਅਮਰਜੋਤ ਸਿੰਘ ਸੰਧੂ, ਬੀਬੀ ਕਰਮਜੀਤ ਕੌਰ ਸੰਧੂ, ਬਾਬਾ ਦਾਰਾ ਸਿੰਘ, ਭਾਈ ਗੁਰਮੇਲ ਸਿੰਘ, ਭਾਈ ਹਰਜੀਤ ਸਿੰਘ ਭਾਈ ਰਿੰਕੂ ਤੋਂ ਇਲਾਵਾ ਆਤਮਾ ਚਲਾਣਾ ਕਰ ਗਏ ਸ, ਜਸਵੰਤ ਸਿੰਘ ਜੀ ਦੇ ਸਮੂਹ ਪ੍ਰਵਾਰ ਤੋਂ ਇਲਾਵਾ ਸੈਂਕੜੇ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜ਼ਿਲ੍ਹਾ ਅੰਮ੍ਰਿਤਸਰ ਦੀ

# ਇਸਤਰੀ ਵਿੰਗ ਦੀ ਹੋਈ ਹੰਗਾਮੀ ਮੀਟਿੰਗ



**ਅੰਮ੍ਰਿਤਸਰ 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਸੰਬੰਧੀ ਅਤੇ ਸਮਾਜ ਵਿੱਚ ਮਹਿਲਾਵਾਂ ਦੀਆਂ ਮੁਸ਼ਕਲਾਂ ਸਬੰਧੀ ਸਮੁੱਚੀ ਹਾਈ ਕਮਾਂਡ ਅਤੇ ਜਰਨਲ ਸਕੱਤਰ ਉਪਕਾਰ ਸਿੰਘ ਸੰਧੂ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੰਮ੍ਰਿਤਸਰ ਉਪ ਦਫਤਰ ਵਿਖੇ ਜ਼ਿਲ੍ਹਾ ਅੰਮ੍ਰਿਤਸਰ ਦੇ ਇਸਤਰੀ ਵਿੰਗ ਦੀ ਪਹਿਲੀ ਮੀਟਿੰਗ ਹੋਈ। ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪਰਿਵਾਰ ਵਿੱਚ ਵਾਧਾ ਕਰਨ ਲਈ ਇਸਤਰੀ ਵਿੰਗ ਪੰਜਾਬ ਦੀ ਜਨਰਲ ਸਕੱਤਰ ਬੀਬੀ ਰਸ਼ਿਪੰਦਰ ਕੌਰ ਜੀ ਵੱਲੋਂ ਨਿਯੁਕਤੀਆਂ ਕੀਤੀਆਂ ਗਈਆਂ। ਜਿਸ ਦੌਰਾਨ ਬੀਬੀ ਬਲਜਿੰਦਰ ਕੌਰ ਜੀ ਨੂੰ ਇਸਤਰੀ ਵਿੰਗ ਦੀ ਜ਼ਿਲ੍ਹਾ ਅੰਮ੍ਰਿਤਸਰ ਦੀ ਸ਼ਹਿਰੀ ਪ੍ਰਧਾਨ ਅਤੇ ਮਨਦੀਪ ਕੌਰ ਜੀ ਨੂੰ ਜ਼ਿਲ੍ਹਾ ਅੰਮ੍ਰਿਤਸਰ ਦੀ ਦਿਹਾਤੀ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਦੇ ਨਾਲ ਹੀ ਇਸੇ ਮੀਟਿੰਗ ਵਿੱਚ ਤਹਿ ਕਰਕੇ ਬਲਾਕਾਂ ਅਤੇ ਸਰਕਲ ਦੇ ਅਹੁੱਦੇ ਵੀ ਦਿੱਤੇ ਗਏ। ਇਸ ਮੀਟਿੰਗ ਵਿੱਚ ਬੀਬੀਆਂ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਦੀਆਂ ਤਿਆਰੀਆਂ ਸੰਬੰਧੀ ਪਹਿਲ ਦੇ ਅਧਾਰ ਤੇ ਕੰਮ ਕਰਨ ਦਾ ਨਿਸ਼ਚਾ ਲਿਆ ਗਿਆ ਅਤੇ ਸਮੁੱਚੀ ਹਾਈ ਕਮਾਂਡ ਨੂੰ ਭਰੋਸਾ ਦਵਾਇਆ ਕਿ ਉਹ ਪਾਰਟੀ ਵੱਲੋਂ ਦਿੱਤੀਆਂ ਗਈਆਂ ਹਦਾਇਤਾਂ ਅਨੁਸਾਰ ਤਨੋ ਮਨੋ ਕੰਮ ਕਰਨਗੇ। ਇਸਦੇ ਨਾਲ ਹੀ ਕੁਲਜੀਤ ਕੌਰ ਜੀ ਨੂੰ ਸਰਕਲ ਮਹਿਤਾ ਦੀ ਪ੍ਰਧਾਨ, ਕਰਮਜੀਤ ਕੌਰ ਜੀ ਨੂੰ ਪਿੰਡ ਮੰਝ ਦੀ ਪ੍ਰਧਾਨ, ਨਵਜੋਤ ਕੌਰ ਜੀ ਨੂੰ ਬਲਾਕ ਚੁਗਾਵਾਂ ਦੀ ਜਨਰਲ ਸਕੱਤਰ, ਗੁਰਦੀਪ ਕੌਰ ਜੀ ਨੂੰ ਬਲਾਕ ਚੁਗਾਵਾਂ ਦੀ ਪ੍ਰਧਾਨ, ਜਸਵਿੰਦਰ ਕੌਰ ਜੀ ਨੂੰ ਗੁਰੂ ਕਾ ਬਾਗ ਦੀ ਪ੍ਰਧਾਨ, ਮਨਜੀਤ ਕੌਰ ਜੀ ਨੂੰ ਕੁਮਾਸ਼ ਪਿੰਡ ਦੀ ਪ੍ਰਧਾਨ, ਰਾਜਵਿੰਦਰ ਕੌਰ ਜੀ ਨੂੰ ਡਾਲਾ ਪਿੰਡ ਦੀ ਪ੍ਰਧਾਨ, ਕੁਲਜਿੰਦਰ ਕੌਰ ਜੀ ਨੂੰ ਬੱਚੀਵਿੰਡ ਪਿੰਡ ਦੀ ਪ੍ਰਧਾਨ, ਕਿੰਦਰ ਕੌਰ ਜੀ ਨੂੰ ਕੁਮਾਸ਼ ਪਿੰਡ ਦੀ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ। ਇਸ ਮੌਕੇ ਕੰਵਲਜੀਤ ਕੌਰ ਜੀ, ਸੁਖਮਨ ਕੌਰ ਜੀ, ਬਲਵਿੰਦਰ ਕੌਰ ਜੀ, ਅਮਰਜੀਤ ਕੌਰ ਤੇ ਹੋਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਵਿੱਚ ਪੁਲਿਸ ਜਬਰ ਦੇ ਖਿਲਾਫ 28 ਮਾਰਚ 2025 ਨੂੰ

# ਭਾਰਤ ਭਰ ਦੇ ਜ਼ਿਲ੍ਹਿਆਂ ਵਿੱਚ ਵਿਰੋਧ ਪ੍ਰਦਰਸ਼ਨ ਕਰਨ ਦਾ ਸੱਦਾ : ਸੰਯੁਕਤ ਕਿਸਾਨ ਮੋਰਚਾ



**ਨਵੀਂ ਦਿੱਲੀ, 23 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:-ਐਸਕੇਐਮ ਦੀ ਰਾਸ਼ਟਰੀ ਤਾਲਮੇਲ ਕਮੇਟੀ ਭਾਰਤ ਭਰ ਦੇ ਕਿਸਾਨਾਂ ਨੂੰ ਪੰਜਾਬ ਵਿੱਚ ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨ 'ਤੇ ਪੁਲਿਸ ਦੇ ਦਮਨ ਵਿਰੁੱਧ 28 ਮਾਰਚ 2025 ਨੂੰ ਭਾਰਤ ਭਰ ਦੇ ਜ਼ਿਲ੍ਹਿਆਂ ਵਿੱਚ ਵਿਰੋਧ ਪ੍ਰਦਰਸ਼ਨ ਕਰਨ ਦਾ ਸੱਦਾ ਦਿੰਦੀ ਹੈ। ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੇ ਨਿਰਦੇਸ਼ਾਂ 'ਤੇ, ਪੰਜਾਬ ਪੁਲਿਸ ਨੇ ਜਗਜੀਤ ਸਿੰਘ ਡੱਲੇਵਾਲ ਅਤੇ ਸਰਵਣ ਸਿੰਘ ਪੰਧੇਰ ਸਮੇਤ 350 ਕਿਸਾਨ ਆਗੂਆਂ ਅਤੇ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ ਸੀ। ਪੁਲਿਸ ਨੇ ਖਨੌਰੀ ਅਤੇ ਸ਼ੰਭੂ ਸਰਹੱਦਾਂ 'ਤੇ ਅੰਦੋਲਨਕਾਰੀ ਕਿਸਾਨਾਂ ਦੇ ਟੈਂਟਾਂ ਅਤੇ ਸਟੇਜਾਂ ਨੂੰ ਬੁਲਡੋਜ਼ਰ ਕਰ ਦਿੱਤਾ ਸੀ ਅਤੇ ਟਰੈਕਟਰ ਟ੍ਰੇਲਰ, ਟਰਾਲੀਆਂ ਅਤੇ ਹੋਰ ਉਪਕਰਣਾਂ ਨੂੰ ਜ਼ਬਰਦਸਤੀ ਹਟਾ ਦਿੱਤਾ ਸੀ। ਇਸੇ ਤਰ੍ਹਾਂ ਦਾ ਦਮਨ 3 ਅਤੇ 4 ਮਾਰਚ 2025 ਨੂੰ ਪੰਜਾਬ ਭਰ ਵਿੱਚ ਲਾਗੂ ਕੀਤਾ ਗਿਆ ਸੀ, 5 ਮਾਰਚ ਤੋਂ ਚੰਡੀਗੜ੍ਹ ਵਿਖੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਐਲਾਨੇ ਗਏ ਪ੍ਰਦਰਸ਼ਨ ਅਤੇ ਹਫ਼ਤੇ ਭਰ ਚੱਲੇ ਧਰਨੇ ਨੂੰ ਅਸਫਲ ਕਰਨ ਲਈ 800 ਤੋਂ ਵੱਧ ਐਸ ਕੇ ਐਮ ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ ਅਤੇ ਜੇਲ੍ਹ ਵੀ ਭੇਜ ਦਿੱਤਾ ਗਿਆ ਸੀ। ਪੁਲਿਸ ਦਮਨ ਦੀ ਇਸ ਲੜੀ ਦਾ ਪੱਕਾ ਸੰਦੇਸ਼ ਇਹ ਹੈ ਕਿ 'ਆਪ' ਦੀ ਅਗਵਾਈ ਵਾਲੀ ਸੂਬਾ ਸਰਕਾਰ ਕਿਸਾਨਾਂ ਦੇ ਕਾਰਪੋਰੇਟ ਨੀਤੀਆਂ ਵਿਰੁੱਧ ਵਿਰੋਧ ਕਰਨ ਦੇ ਅਧਿਕਾਰ ਦੀ ਜ਼ਬਰਦਸਤੀ ਉਲੰਘਣਾ ਕਰ ਰਹੀ ਹੈ, ਜਿਨ੍ਹਾਂ ਨੇ ਉਨ੍ਹਾਂ ਦੇ ਜੀਵਨ ਅਤੇ ਰੋਜ਼ੀ-ਰੋਟੀ ਵਿੱਚ ਤਬਾਹੀ ਮਚਾ ਦਿੱਤੀ ਹੈ। ਨਾਗਰਿਕਾਂ ਦਾ ਵਿਰੋਧ ਕਰਨ ਦਾ ਸੰਵਿਧਾਨਕ ਅਧਿਕਾਰ ਇੱਕ ਲੋਕਤੰਤਰੀ ਸਮਾਜ ਦੀ ਨੀਂਹ ਹੈ। ਮੋਰਚੇ ਦੇ ਮੁੱਖ ਆਗੂਆਂ ਅਤੇ ਕਾਰਕੁਨਾਂ ਦੀ ਗ੍ਰਿਫ਼ਤਾਰੀ ਦਾ ਸਾਹਮਣਾ ਕਰਦੇ ਹੋਏ ਪੰਜਾਬ ਦੇ ਕਿਸਾਨਾਂ ਨੇ 5 ਮਾਰਚ 2025 ਨੂੰ ਪੰਜਾਬ ਭਰ ਵਿੱਚ ਵਿਸ਼ਾਲ ਸ਼ਾਂਤੀਪੂਰਨ ਪ੍ਰਦਰਸ਼ਨ ਕੀਤੇ ਸਨ ਅਤੇ ਭਗਵੰਤ ਮਾਨ ਸਰਕਾਰ ਨੂੰ ਗ੍ਰਿਫ਼ਤਾਰ ਕੀਤੇ ਗਏ ਅਤੇ ਜੇਲ੍ਹਾਂ ਵਿੱਚ ਬੰਦ ਕੀਤੇ ਗਏ ਸਾਰੇ ਕਾਰਕੁਨਾਂ ਨੂੰ ਰਿਹਾਅ ਕਰਨ ਲਈ ਮਜਬੂਰ ਕੀਤਾ ਸੀ। ਖਨੌਰੀ ਅਤੇ ਸ਼ੰਭੂ ਦੀਆਂ ਪੰਜਾਬ ਦੀਆਂ ਸਰਹੱਦਾਂ ਅੰਦੋਲਨਕਾਰੀ ਕਿਸਾਨਾਂ ਨੇ ਨਹੀਂ ਸਗੋਂ ਕੇਂਦਰ ਸਰਕਾਰ ਦੇ ਹੁਕਮ 'ਤੇ ਹਰਿਆਣਾ ਦੀ ਪੁਲਿਸ ਅਤੇ ਪ੍ਰਸ਼ਾਸਨ ਨੇ ਬੰਦ ਕਰ ਦਿੱਤੀਆਂ ਸਨ। ਕਿਸਾਨ ਸੰਗਠਨਾਂ ਦਾ ਇੱਕ ਹਿੱਸਾ ਉਸ ਸਮੇਂ MSP'CB+E@%, ਕਰਜ਼ਾ ਮੁਆਫ਼ੀ ਸਮੇਤ ਹੋਰ ਜਾਇਜ਼, ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਲਈ ਸੰਘਰਸ਼ ਕਰ ਰਿਹਾ ਸੀ ਅਤੇ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਕਿਸਾਨਾਂ ਦੇ ਸੰਘਰਸ਼ ਨੂੰ ਹੱਲ ਕਰਨ ਲਈ ਜ਼ਿੰਮੇਵਾਰ ਹੈ, ਖੇਤੀ ਉਤਪਾਦਾਂ ਦਾ ਲਾਹੇਵੰਦ ਮੁੱਲ ਯਕੀਨੀ ਬਣਾ ਕੇ ਅਤੇ ਉਨ੍ਹਾਂ ਨੂੰ ਕਰਜ਼ੇ ਤੋਂ ਮੁਕਤ ਕਰਕੇ ਕਿਉਂਕਿ ਭਾਰਤ ਵਿੱਚ ਹਰ ਰੋਜ਼ 31 ਕਿਸਾਨ ਖੁਦਕੁਸ਼ੀ ਕਰ ਰਹੇ ਹਨ। ਪਿਛਲੇ ਦਸ ਸਾਲਾਂ ਵਿੱਚ ਮੋਦੀ ਸਰਕਾਰ ਨੇ 16 ਲੱਖ ਕਰੋੜ ਰੁਪਏ ਦੇ ਕਾਰਪੋਰੇਟ ਕਰਜ਼ੇ ਮੁਆਫ਼ ਕੀਤੇ ਹਨ ਪਰ ਕਿਸਾਨਾਂ ਦੇ ਕਰਜ਼ੇ ਦਾ ਇੱਕ ਵੀ ਰੁਪਿਆ ਮੁਆਫ਼ ਨਹੀਂ ਕੀਤਾ ਗਿਆ। ਪੰਜਾਬ ਕਿਸਾਨਾਂ ਦੇ ਵਿਰੋਧ ਦਾ ਕੇਂਦਰ ਹੈ ਅਤੇ ਕਾਰਪੋਰੇਟ ਤਾਕਤਾਂ ਦੀ ਰਣਨੀਤੀ ਪੰਜਾਬ ਵਿੱਚ ਕਿਸਾਨ ਅੰਦੋਲਨ ਨੂੰ ਦਬਾਉਣ ਦੀ ਹੈ ਤਾਂ ਜੋ ਭਾਰਤ ਭਰ ਵਿੱਚ ਕਿਸਾਨਾਂ ਨੂੰ ਲੁੱਟਣ ਅਤੇ ਸ਼ੋਸ਼ਣ ਕਰਨ ਵਿੱਚ ਕੋਈ ਰੁਕਾਵਟ ਨਾ ਪਵੇ। ਹਾਲਾਂਕਿ, ਪੰਜਾਬ, ਭਾਰਤ ਅਤੇ ਦੁਨੀਆ ਭਰ ਦੇ ਲੋਕਾਂ ਦਾ ਇਤਿਹਾਸ ਦਰਸਾਉਂਦਾ ਹੈ ਕਿ ਲੋਕਾਂ ਦੇ ਸ਼ਾਂਤਮਈ ਵਿਰੋਧ ਪ੍ਰਦਰਸ਼ਨ 'ਤੇ ਦਮਨ ਦੀ ਕੋਈ ਵੀ ਕੋਸ਼ਿਸ਼ ਸਿਰਫ ਹੋਰ ਵਿਸ਼ਾਲ ਅਤੇ ਦ੍ਰਿੜ ਸੰਘਰਸ਼ਾਂ ਨੂੰ ਭੜਕਾਏਗੀ, ਅੰਤ ਵਿੱਚ ਜ਼ੁਲਮ ਦੇ ਤੱਤਾਂ ਨੂੰ ਉਖਾੜ ਸੁੱਟੇਗੀ ਅਤੇ ਸੰਯੁਕਤ ਕਿਸਾਨ ਮੋਰਚੇ ਨੂੰ ਵਿਸ਼ਵਾਸ ਹੈ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਅਤੇ ਨਰਿੰਦਰ ਮੋਦੀ – ਅਮਿਤ ਸ਼ਾਹ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦਾ ਵੀ ਇਹੀ ਹਾਲ ਹੈ। ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨ ਨੂੰ ਵੀ ਦਬਾਉਣ 'ਤੇ ਤੁਲੀ ਹੋਈ ਹੈ। ਐਸਕੇਐਮ ਦਾ ਦੋਸ਼ ਹੈ ਕਿ 'ਆਪ' ਦੀ ਅਗਵਾਈ ਵਾਲੀ ਸੂਬਾ ਸਰਕਾਰ ਕਾਰਪੋਰੇਟ ਤਾਕਤਾਂ ਅੱਗੇ ਝੁਕ ਰਹੀ ਹੈ ਅਤੇ ਕਾਰਪੋਰੇਟ ਪੱਖੀ ਕੇਂਦਰ ਸਰਕਾਰ ਦੇ ਦਬਾਅ ਅੱਗੇ ਝੁਕ ਰਹੀ ਹੈ। ਐਸਕੇਐਮ ਪੰਜਾਬ ਦੇ ਲੋਕਾਂ ਨੂੰ ਪੁਲਿਸ ਜਬਰ ਵਿਰੁੱਧ ਰੈਲੀ ਕਰਨ ਦਾ ਸੱਦਾ ਦਿੰਦਾ ਹੈ। ਭਗਤ ਸਿੰਘ, ਗਦਰੀ ਸ਼ਹੀਦਾਂ ਅਤੇ ਜਲ੍ਹਿਆਂਵਾਲਾ ਬਾਗ ਦੀ ਵਿਰਾਸਤ ਨੂੰ ਬਰਕਰਾਰ ਰੱਖਦੇ ਹੋਏ ਪੰਜਾਬ ਦੇ ਲੋਕ ਮੁੱਖ ਮੰਤਰੀ ਭਗਵੰਤ ਮਾਨ ਨੂੰ ਪੰਜਾਬ ਨੂੰ ਪੁਲਿਸ ਰਾਜ ਵਿੱਚ ਬਦਲਣ ਦੀ ਕਦੇ ਵੀ ਇਜਾਜ਼ਤ ਨਹੀਂ ਦੇਣਗੇ। ਪੁਲਿਸ ਜਬਰ ਵਿਰੁੱਧ 28 ਮਾਰਚ ਨੂੰ ਪੰਜਾਬ ਭਰ ਵਿੱਚ ਜ਼ਿਲ੍ਹਾ ਮੈਜਿਸਟ੍ਰੇਟ ਦਫ਼ਤਰਾਂ ਦੇ ਸਾਹਮਣੇ ਇੱਕ ਵਿਸ਼ਾਲ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ। ਸੰਯੁਕਤ ਕਿਸਾਨ ਮੋਰਚਾ ਸਾਰੇ ਕਿਸਾਨ ਸੰਗਠਨਾਂ ਅਤੇ ਪਲੇਟਫਾਰਮਾਂ ਨੂੰ ਅਪੀਲ ਕਰਦਾ ਹੈ ਕਿ ਉਹ ਤਜ਼ਰਬਿਆਂ ਤੋਂ ਸਿੱਖਣ, ਮੁੱਦੇ-ਅਧਾਰਤ ਏਕਤਾ ਵਿੱਚ ਸ਼ਾਮਲ ਹੋਣ ਅਤੇ ਪੰਜਾਬ ਦੇ ਨਾਲ-ਨਾਲ ਦੇਸ਼ ਭਰ ਵਿੱਚ ਦਮਨ ਵਿਰੁੱਧ ਇੱਕਜੁੱਟ ਹੋਣ ਅਤੇ ਵਿਰੋਧ ਕਰਨ ਦੇ ਅਧਿਕਾਰ ਦੀ ਰੱਖਿਆ ਕਰਨ ਲਈ ਅੱਗੇ ਆਉਣ। ਵਿਰੋਧ ਕਰਨ ਦੇ ਅਧਿਕਾਰ ਦੀ ਰੱਖਿਆ ਕੀਤੇ ਬਿਨਾਂ ਅਤੇ ਸਾਡੇ ਸਮੇਂ ਵਿੱਚ ਸੱਤਾ ਵਿੱਚ ਬੈਠੇ ਲੋਕਾਂ ਦੁਆਰਾ ਪ੍ਰਦਰਸ਼ਿਤ ਕੀਤੇ ਜਾ ਰਹੇ ਤਾਨਾਸ਼ਾਹੀ, ਨਵ-ਫਾਸ਼ੀਵਾਦੀ ਰੁਝਾਨਾਂ ਨੂੰ ਪਿੱਛੇ ਧੱਕੇ ਬਿਨਾਂ, ਕਿਸਾਨ ਆਪਣੇ ਜੀਵਨ ਅਤੇ ਰੋਜ਼ੀ-ਰੋਟੀ ਦੀ ਰੱਖਿਆ ਲਈ ਆਪਣੀਆਂ ਅਸਲ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਨਹੀਂ ਜਿੱਤ ਸਕਦੇ। ਸੰਯੁਕਤ ਕਿਸਾਨ ਮੋਰਚਾ ਐਲਾਨ ਕਰਦਾ ਹੈ ਕਿ ਕਿਸਾਨ ਕਦੇ ਵੀ ਕਾਰਪੋਰੇਟ ਤਾਕਤਾਂ ਅੱਗੇ ਆਤਮ ਸਮਰਪਣ ਨਹੀਂ ਕਰਨਗੇ ਅਤੇ ਪੁਲਿਸ ਦਮਨ ਅਤੇ ਦੇਸ਼ ਵਿਆਪੀ ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨ NPFAM ਦੇ ਵਿਰੁੱਧ, MSP'CB+50%, ਕਰਜ਼ਾ ਮੁਆਫੀ ਲਈ ਆਉਣ ਵਾਲੇ ਹਨ, ਜੋ ਕਿ ਖੇਤੀਬਾੜੀ ਸੰਕਟ ਨੂੰ ਹੱਲ ਕਰਨ ਲਈ ਜ਼ਰੂਰੀ ਹੈ। ਸੰਯੁਕਤ ਕਿਸਾਨ ਮੋਰਚਾ ਆਪਣੇ ਸਾਰੇ ਮੈਂਬਰ ਸੰਗਠਨਾਂ ਨੂੰ ਵਿਸ਼ਾਲ ਅਤੇ ਸਥਾਈ ਦੇਸ਼ ਵਿਆਪੀ ਸੰਘਰਸ਼ਾਂ ਲਈ ਤਿਆਰੀ ਕਰਨ ਦਾ ਸੱਦਾ ਦਿੰਦਾ ਹੈ।


# ਪ੍ਰੈਸ ਸੰਘਰਸ਼ ਜਰਨਲਿਸਟਸ ਐਸੋ ਦੀ ਹੋਈ ਮੀਟਿੰਗ 2 ਮਿੰਟ ਮੋਨ ਵਰਤ ਰੱਖ ਸ਼ਹੀਦ ਭਗਤ ਸਿੰਘ ਨੂੰ ਦਿੱਤੀ ਸ਼ਰਧਾਂਜਲੀ 2025 ਦਾ ਕਲੰਡਰ ਕੀਤਾ ਜਾਰੀ



**ਜੰਡਿਆਲਾ ਗੁਰੂ, 23 ਮਾਰਚ ( ਕੁਲਵੰਤ ਸਿੰਘ ਵਿਰਦੀ)**-ਅੱਜ ਪ੍ਰੈਸ ਸੰਘਰਸ਼ ਜਰਨਲਿਸਟਸ ਐਸੋ ਰਜਿ ਦੀ ਅਹਿਮ ਮੀਟਿੰਗ ਯੂਨੀਅਨ ਦੇ ਦਫ਼ਤਰ ਤਰਨ ਤਾਰਨ ਰੋਡ ਅੰਮ੍ਰਿਤਸਰ ਵਿਖੇ ਹੋਈ ਜਿਸ ਦੀ ਪ੍ਰਧਾਨਗੀ ਯੂਨੀਅਨ ਦੇ ਕੌਮੀ ਪ੍ਰਧਾਨ ਸੰਜੀਵ ਪੁੰਜ ਨੇ ਕੀਤੀ। ਅੰਮ੍ਰਿਤਸਰ ਸ਼ਹਿਰੀ ਇਕਾਈ ਦੀ ਇਸ ਮੀਟਿੰਗ ਵਿੱਚ ਵੱਖ ਵੱਖ ਅਖਬਾਰਾਂ ਤੇ ਚੈਨਲਾਂ ਲਈ ਰਿਪੋਰਟਿੰਗ ਕਰ ਰਹੇ ਪੱਤਰਕਾਰਾਂ ਨੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਵੱਖ ਵੱਖ ਬੁਲਾਰਿਆਂ ਨੇ ਕਈ ਅਹਿਮ ਮੁੱਦਿਆਂ ਤੇ ਚਰਚਾ ਵੀ ਕੀਤੀ। ਜਿਸ ਉਪਰੰਤ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੀ ਯਾਦ ਵਿੱਚ ਪੱਤਰਕਾਰਾਂ ਨੇ 2 ਮਿੰਟ ਦਾ ਮੋਨ ਵਰਤ ਰੱਖਕੇ ਸ਼ਰਧਾਂਜਲੀ ਦਿੱਤੀ। ਪ੍ਰੈਸ ਸੰਘਰਸ਼ ਦੇ ਆਲ ਇੰਡੀਆ ਪ੍ਰਧਾਨ ਸੰਜੀਵ ਪੁੰਜ ਨੇ ਪੰਜਾਬ ਦੇ ਵਿਗੜਦੇ ਹਾਲਾਤ ਨੂੰ ਮੱਦੇ ਨਜਰ ਰੱਖਦਿਆਂ ਪੱਤਰਕਾਰਾਂ ਨੂੰ ਕਵਰੇਜ ਦੌਰਾਨ ਆਪਣੀ ਸੁਰੱਖਿਆ ਆਪ ਰੱਖਣ ਲਈ ਕਿਹਾ ਹੈ। ਇਸ ਮੌਕੇ ਪ੍ਰੈਸ ਸੰਘਰਸ਼ ਜਰਨਲਿਸਟਸ ਐਸੋ ਨੇ ਨਵੇਂ ਸਾਲ ਦਾ ਕਲੰਡਰ ਵੀ ਜਾਰੀ ਕੀਤਾ ਹੈ। ਇਸ ਸਮੇ ਰਜੇਸ਼ ਕੌਂਡਲ ਜਿਲ੍ਹਾ ਪ੍ਰਧਾਨ, ਸੁਮੀਤ ਥਿੰਦ ਅੰਮ੍ਰਿਤਸਰ ਸ਼ਹਿਰੀ ਪ੍ਰਧਾਨ, ਗੁਰਮੀਤ ਸੂਰੀ ਪ੍ਰੈਸ ਸਕੱਤਰ ਅੰਮ੍ਰਿਤਸਰ, ਪ੍ਰਦੀਪ ਗੋਇਲ ਸਲਾਹਕਾਰ ਪੰਜਾਬ, ਨਿਰਮਲ ਚੌਹਾਨ, ਹਰਸ਼ ਪੁੰਜ, ਹਰਜੀਤ ਸਿੰਘ, ਮੁਕੇਸ਼ ਬੇਦੀ, ਵਿਪਨ ਬਲੱਗਣ, ਹਰਨੀਤ ਸਿੰਘ, ਗੌਰਵ, ਕੁਨਾਲ ਖੰਨਾ, ਸੰਜੇ ਕਪੂਰ, ਅਵਤਾਰ ਸਿੰਘ, ਮਨੀ, ਅਮਰੀਕ ਸਿੰਘ, ਤਰਸੇਮ ਚੰਦ ਮੋਨੂੰ, ਗੁਲਸ਼ਨ ਕੁਮਾਰ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਹਿਮਾਚਲ 'ਚ ਅਮਨ ਸੂਦ ਨੂੰ ਸੰਮਨ ਤੇ ਨੋਟਿਸ ਜਾਰੀ, ਸੰਤ ਭਿੰਡਰਾਂਵਾਲਿਆਂ ਦੇ ਝੰਡੇ ਉਤਾਰਨ ਦਾ ਮਾਮਲਾ



NOTICE UNDER SECTION ... BNSS

GD Entry No. 18

Dated 23/3/2025

Whereas, a case FIR No. 36/2025 dated 15.03.2025 u/s 126(2), 352, 351(2), ...(C) and 353(2) BNS has been registered at Police Station Manikaran against you.


Whereas, it has come to the notice of the undersigned that despite repeated warnings you Mr./Mrs. Aman Sood son of Late Sh. Narender Mohan, R/O Himalayan Village Resort, Dunkhra, Tehsil Bhuntar, District Kullu, HP, are indulging in activities that promote enmity between different groups based on religion, race, place of birth, residence, language, caste, or community, and are engaging in acts prejudicial to maintaining harmony and disrupting the peace and harmony of society as well as of ... As a result, a cognizable offence is likely to occur.

Therefore, you are warned against indulging in such activities and are advised to refrain from social media, participation in any interviews with news channels, or any debate programme. Failure to comply will result in stringent legal action being initiated against you as per the law.

To

Sh. Aman Sood,
S/O Late Sh. Narender Mohan,
R/O Himalayan Village Resort,
Dunkhra, Tehsil Bhuntar,
District Kullu, HP
Phone No. 9816075712.

Station House Officer,
Police Station Manikaran,



BEFORE THE COURT OF SUB DIVISIONAL MAGISTRATE, KULLU, DISTRICT KULLU (H.P.)

IN THE MATTER OF:

State of H.P. through Police Post Jari, Sub Tehsil Jari, District Kullu, H.P.

Complainant

VERSUS

Aman Sood S/O Late Sh. Narender Mohan Sood Resident of The Himalayan Village Resort, Dunkhra, P.O. & Sub Teh. Jari, District Kullu, H.P.

Respondent

SUMMONS FOR PERSONAL APPEARANCE TO:

Sh. Aman Sood S/o Late Sh. Narender Mohan Sood Resident of The Himalayan Village Resort, Dunkhra, P.O. & Sub Teh. Jari, District Kullu, H.P.

Whereas a complaint under Sections 126/169 of BNSS, 2023 has been filed against you before this Court by the State of Himachal Pradesh through Police Post Jari, regarding incidents disturbing public peace and religious harmony in the Manikaran Valley.

You are hereby directed to appear in person before the court of undersigned on 24-03-2025 at 11:00 A.M., failing which necessary legal action shall be taken against you in accordance with law.

Issued under my hand and seal of this Court on 23rd day of March, 2025 at Kullu, Himachal Pradesh.

Sub Divisional Magistrate, Kullu, H.P.
Dated 23.03.2025

Copy to:

1. The Respondent, Aman Sood S/o Late Sh. Narender Mohan Sood Resident of The Himalayan Village Resort, Dunkhra, P.O.& Sub Teh. Jari, District Kullu, H.P for information and necessary action.
2. The Incharge, Police Post Jari, PS Manikaran (Kasol), District Kullu, H.P. for service and compliance.
3. The Station House Officer, PS Manikaran (Kasol), District Kullu, H.P for compliance.
4. File.

Sub Divisional Magistrate, Kullu, H.P

ਕੁੱਲੂ, ਹਿਮਾਚਲ ਪ੍ਰਦੇਸ਼ (23 ਮਾਰਚ, 2025): ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਝੰਡੇ ਉਤਾਰਨ ਵਾਲੇ ਅਮਨ ਸੂਦ ਦੇ ਖਿਲਾਫ ਹਿਮਾਚਲ ਸਰਕਾਰ ਨੇ ਸਖ਼ਤ ਕਾਰਵਾਈ ਕੀਤੀ ਹੈ। ਕੁੱਲੂ ਦੇ ਸਬ-ਡਵੀਜ਼ਨਲ ਮੈਜਿਸਟਰੇਟ ਨੇ ਅਮਨ ਸੂਦ ਨੂੰ ਸੰਮਨ ਜਾਰੀ ਕਰਕੇ 24 ਮਾਰਚ 2025 ਨੂੰ ਨਿੱਜੀ ਤੌਰ 'ਤੇ ਪੇਸ਼ ਹੋਣ ਦਾ ਹੁਕਮ ਦਿੱਤਾ। ਉਸ 'ਤੇ BNSS 2023 ਦੀ ਧਾਰਾ 126(2)/69 ਅਧੀਨ ਸ਼ਾਂਤੀ ਭੰਗ ਕਰਨ ਅਤੇ ਧਾਰਮਿਕ ਸਦਭਾਵਨਾ ਨੂੰ ਠੇਸ ਪਹੁੰਚਾਉਣ ਦੇ ਦੋਸ਼ ਹਨ। ਨਾਲ ਹੀ, ਮਨੀਕਰਨ ਪੁਲੀਸ ਸਟੇਸ਼ਨ ਨੇ ਵੀ ਅਮਨ ਸੂਦ ਨੂੰ ਨੋਟਿਸ ਜਾਰੀ ਕੀਤਾ, ਜਿਸ 'ਚ ਉਸ 'ਤੇ BNSS ਦੀ ਧਾਰਾ 126(2), 352, 351(2) ਅਧੀਨ ਧਰਮ, ਜਾਤ ਜਾਂ ਭਾਸ਼ਾ ਦੇ ਆਧਾਰ 'ਤੇ ਨਫ਼ਰਤ ਫੈਲਾਉਣ ਅਤੇ ਸਮਾਜਿਕ ਸਦਭਾਵਨਾ ਵਿਗਾੜਨ ਦੇ ਦੋਸ਼ ਲਾਏ ਗਏ। ਨੋਟਿਸ 'ਚ ਉਸ ਨੂੰ ਨਿਊਜ਼ ਚੈਨਲਾਂ 'ਚ ਇੰਟਰਵਿਊ ਜਾਂ ਬਹਿਸਾਂ 'ਚ ਹਿੱਸਾ ਲੈਣ ਤੋਂ ਰੋਕਿਆ ਗਿਆ, ਨਹੀਂ ਤਾਂ ਸਖ਼ਤ ਕਾਨੂੰਨੀ ਕਾਰਵਾਈ ਦੀ ਚਿਤਾਵਨੀ ਦਿੱਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

# ਸੀਨੀਅਰ ਸਿਟੀਜਨ ਸੁਸਾਇਟੀ ਵੱਲੋਂ ਮਨਾਇਆ ਗਿਆ ਸ਼ਹੀਦੀ ਦਿਵਸ

**ਬਰਨਾਲਾ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਸੀਨੀਅਰ ਸਿਟੀਜਨ ਸੋਸਾਇਟੀ ਰਜਿ. ਬਰਨਾਲਾ ਵੱਲੋਂ ਸ਼ਹੀਦੇ ਆਜ਼ਮ ਭਗਤ ਸਿੰਘ ਰਾਜਗੁਰੂ ਅਤੇ ਸੁਖਦੇਵ ਦਾ ਸ਼ਹੀਦੀ ਦਿਵਸ ਮਨਾਇਆ ਗਿਆ। ਸੁਸਾਇਟੀ ਦਫਤਰ ਵਿਖੇ ਸੀਨੀਅਰ ਵਾਈਸ ਪ੍ਰਧਾਨ ਅਮਰਜੀਤ ਸਿੰਘ ਭੁੱਲਰ, ਜਨਰਲ ਸਕੱਤਰ ਅੰਮ੍ਰਿਤ ਲਾਲ ਸਿੰਗਲਾ ਦੀ ਅਗਵਾਈ ਵਿੱਚ ਸਮੂਹ ਮੈਂਬਰਾਂ ਵੱਲੋਂ ਸ਼ਹੀਦ ਦੀ ਫੋਟੋ ਤੇ ਫੁੱਲ ਅਰਪਣ ਕਰਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ। ਜਨਰਲ ਸਕੱਤਰ ਅੰਮ੍ਰਿਤ ਲਾਲ ਸਿੰਗਲਾ, ਸੀਨੀਅਰ ਵਾਈਸ ਪ੍ਰਧਾਨ ਅਮਰਜੀਤ ਸਿੰਘ ਭੁੱਲਰ, ਪੈਟਰਨ ਮੁਕੰਦ ਸਿੰਘ ਸੇਵਕ, ਮਨੋਹਰ ਲਾਲ ਅਰੋੜਾ, ਸਟੇਜ ਸਕੱਤਰ ਸੁਰਿੰਦਰ ਗਰਗ, ਭੁਪਿੰਦਰ ਸਿੰਘ ਬੇਦੀ ਅਤੇ ਹੋਰ ਮੈਂਬਰਾਂ ਵੱਲੋਂ ਸ਼ਹੀਦ ਭਗਤ ਸਿੰਘ ਰਾਜਗੁਰੂ ਅਤੇ ਸੁਖਦੇਵ ਜੀ ਦੀ ਸ਼ਹੀਦੀ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ। ਉਪਰੰਤ ਸਮੂਹ ਮੈਂਬਰ ਵੱਲੋਂ ਸ਼ਹੀਦ ਭਗਤ ਸਿੰਘ ਚੌਂਕ ਵਿਖੇ ਜਾ ਕੇ ਸ਼ਹੀਦ ਭਗਤ ਸਿੰਘ ਦੀ ਪ੍ਰਿਤਮਾ ਤੇ ਫੁੱਲ ਅਰਪਣ ਕਰਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ। ਇਸ ਮੌਕੇ ਜਨਰਲ ਸਕੱਤਰ ਅੰਮ੍ਰਿਤ ਲਾਲ ਸਿੰਗਲਾ, ਸੀਨੀਅਰ ਵਾਈਸ ਪ੍ਰਧਾਨ ਅਮਰਜੀਤ ਸਿੰਘ ਭੁੱਲਰ, ਸਟੇਜ ਸਕੱਤਰ ਸੁਰਿੰਦਰ ਗਰਗ, ਪੈਟਰਨ ਜੋਗਿੰਦਰ ਪਾਲ ਸ਼ਰਮਾ, ਜਗਜੀਤ ਸਿੰਘ ਕਾਨੂੰਗੋ ਕੇ ਕੇ ਸਿੰਗਲਾ, ਅਮਰਜੀਤ ਸਿੰਘ ਬੱਲੀ, ਮਨੋਹਰ ਲਾਲ ਅਰੋੜਾ, ਭੁਪਿੰਦਰ ਸਿੰਘ ਬੇਦੀ, ਵਾਸਦੇਵ ਸਿੰਗਲਾ, ਗਿਆਨ ਚੰਦ ਸਿੰਗਲਾ, ਅਬਜਿੰਦਰ ਸਿੰਘ, ਮਹਿੰਦਰ ਸਿੰਘ ਰਾਹੀ, ਯੋਗਰਾਜ ਜੋਗੀ, ਅਮਰਜੀਤ ਸਿੰਘ ਚੀਮਾ, ਮਨਜੀਤ ਸਿੰਘ, ਰਾਮ ਸਿੰਘ, , ਰਮੇਸ਼ ਭਾਰਦਵਾਜ, ਪ੍ਰਵੀਨ ਬਤਸ, ਸਮੇਤ ਵੱਡੀ ਗਿਣਤੀ ਵਿੱਚ ਮੈਂਬਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ : +447458381111 +447976210161 +919729091243

### ਪ੍ਰੈਸ ਸੰਘਰਸ਼ ਜਰਨਲਿਸਟਸ ਐਸੋ ਦੀ ਹੋਈ ਮੀਟਿੰਗ

# 2 ਮਿੰਟ ਮੋਨ ਵਰਤ ਰੱਖ ਸ਼ਹੀਦ ਭਗਤ ਸਿੰਘ ਨੂੰ ਦਿੱਤੀ ਸ਼ਰਧਾਂਜਲੀ, 2025 ਦਾ ਕਲੈਂਡਰ ਕੀਤਾ ਜਾਰੀ




















**ਜੰਡਿਆਲਾ ਗੁਰੂ, 23 ਮਾਰਚ (ਕੁਲਵੰਤ ਸਿੰਘ ਵਿਰਦੀ)**-ਅੱਜ ਪ੍ਰੈਸ ਸੰਘਰਸ਼ ਜਰਨਲਿਸਟਸ ਐਸੋ ਰਜਿ ਦੀ ਅਹਿਮ ਮੀਟਿੰਗ ਯੂਨੀਅਨ ਦੇ ਦਫ਼ਤਰ ਤਰਨ ਤਾਰਨ ਰੋਡ ਅੰਮ੍ਰਿਤਸਰ ਵਿਖੇ ਹੋਈ ਜਿਸ ਦੀ ਪ੍ਰਧਾਨਗੀ ਯੂਨੀਅਨ ਦੇ ਕੌਮੀ ਪ੍ਰਧਾਨ ਸੰਜੀਵ ਪੁੰਜ ਨੇ ਕੀਤੀ। ਅੰਮ੍ਰਿਤਸਰ ਸ਼ਹਿਰੀ ਇਕਾਈ ਦੀ ਇਸ ਮੀਟਿੰਗ ਵਿੱਚ ਵੱਖ ਵੱਖ ਅਖਬਾਰਾਂ ਤੇ ਚੈਨਲਾਂ ਲਈ ਰਿਪੋਰਟਿੰਗ ਕਰ ਰਹੇ ਪੱਤਰਕਾਰਾਂ ਨੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਵੱਖ ਵੱਖ ਬੁਲਾਰਿਆਂ ਨੇ ਕਈ ਅਹਿਮ ਮੁੱਦਿਆਂ ਤੇ ਚਰਚਾ ਵੀ ਕੀਤੀ। ਜਿਸ ਉਪਰੰਤ ਸ਼ਹੀਦ ਭਗਤ ਸਿੰਘ,ਰਾਜਗੁਰੂ, ਸੁਖਦੇਵ ਦੀ ਯਾਦ ਵਿੱਚ ਪੱਤਰਕਾਰਾਂ ਨੇ 2 ਮਿੰਟ ਦਾ ਮੋਨ ਵਰਤ ਰੱਖਕੇ ਸ਼ਰਧਾਂਜਲੀ ਦਿੱਤੀ। ਪ੍ਰੈਸ ਸੰਘਰਸ਼ ਦੇ ਆਲ ਇੰਡੀਆ ਪ੍ਰਧਾਨ ਸੰਜੀਵ ਪੁੰਜ ਨੇ ਪੰਜਾਬ ਦੇ ਵਿਗੜਦੇ ਹਾਲਾਤ ਨੂੰ ਮੱਦੇ ਨਜਰ ਰੱਖਦਿਆਂ ਪੱਤਰਕਾਰਾਂ ਨੂੰ ਕਵਰੇਜ ਦੌਰਾਨ ਆਪਣੀ ਸੁਰੱਖਿਆ ਆਪ ਰੱਖਣ ਲਈ ਕਿਹਾ ਹੈ। ਇਸ ਮੌਕੇ ਪ੍ਰੈਸ ਸੰਘਰਸ਼ ਜਰਨਲਿਸਟਸ ਐਸੋ ਨੇ ਨਵੇਂ ਸਾਲ ਦਾ ਕਲੰਡਰ ਵੀ ਜਾਰੀ ਕੀਤਾ ਹੈ।ਇਸ ਸਮੇ ਰਜੇਸ਼ ਕੌਂਡਲ ਜਿਲ੍ਹਾ ਪ੍ਰਧਾਨ,ਸੁਮੀਤ ਥਿੰਦ ਅੰਮ੍ਰਿਤਸਰ ਸ਼ਹਿਰੀ ਪ੍ਰਧਾਨ, ਗੁਰਮੀਤ ਸੂਰੀ ਪ੍ਰੈਸ ਸਕੱਤਰ ਅੰਮ੍ਰਿਤਸਰ, ਪ੍ਰਦੀਪ ਗੋਇਲ ਸਲਾਹਕਾਰ ਪੰਜਾਬ,ਨਿਰਮਲ ਚੌਹਾਨ,ਹਰਸ਼ ਪੁੰਜ,ਹਰਜੀਤ ਸਿੰਘ,ਮੁਕੇਸ਼ ਬੇਦੀ,ਵਿਪਨ ਬਲੱਗਣ,ਹਰਨੀਤ ਸਿੰਘ,ਗੌਰਵ,ਕੁਨਾਲ ਖੰਨਾ,ਸੰਜੇ ਕਪੂਰ,ਅਵਤਾਰ ਸਿੰਘ,ਮਨੀ,

## 1984 ਚ ਫੌਜ ਨੇ ਅਕਾਲ ਤਖ਼ਤ ਸਾਹਿਬ ਦੀ ਇਮਾਰਤ ਤਬਾਹ ਕੀਤੀ ਸੀ ਪਰ ਬਾਦਲਾਂ ਸਿੱਖੀ ਸਿਧਾਂਤ ਖ਼ਤਮ ਕੀਤੇ : ਰਵੀਇੰਦਰ ਸਿੰਘ

ਅਮਰੀਕ ਸਿੰਘ ਜਥੇਦਾਰ ਅਕਾਲ ਤਖ਼ਤ ਦੀ ਹਿਦਾਇਤ ਤੇ ਸ਼ੁਰੂ ਹੋਈ ਭਰਤੀ ਸਿੱਖ ਪੰਥ ਨੂੰ ਯੋਗ ਲੀਡਰਸ਼ਿਪ ਪ੍ਰਦਾਨ ਕਰੇਗੀ: ਰਵੀਇੰਦਰ ਸਿੰਘ

**ਜਲੰਧਰ 23 ਮਾਰਚ 2025-(ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ 1920 ਤੇ ਪੰਥਕ ਜਥੇਬੰਦੀਆਂ ਦੇ ਨੁਮਾਇੰਦਿਆਂ ਦੀ ਇਕ ਹੰਗਾਮੀ ਮੀਟਿੰਗ ਗੁਰਦੁਆਰਾ ਨੌਵੀਂ ਪਾਤਸ਼ਾਹੀ ਗੁਰੂ ਤੇਗ ਬਹਾਦੁਰ ਨਗਰ ਜਲੰਧਰ ਵਿੱਚ ਹੋਈ।ਜਿਸ ਦੀ ਪ੍ਰਧਾਨਗੀ ਕਰਦਿਆਂ ਸਾਬਕਾ ਸਪੀਕਰ ਸ ਰਵੀਇੰਦਰ ਸਿੰਘ ਨੇ ਕਿਹਾ ਕਿ ਦੋ ਦਸੰਬਰ 2024 ਦਾ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਹੁਕਮਨਾਮਾ ਇਕ ਅਦੁੱਤੀ ਵਰਤਾਰਾ ਸੀ ਜਿਸ ਨਾਲ ਕੌਮ ਦੀ ਮਹਾਨ ਸੰਸਥਾ ਦੀ ਮਾਣ ਮਰਿਆਦਾ ਬਹਾਲ ਹੋਈ ਹੈ।

ਇਸ ਹੁਕਮਨਾਮੇ ਵਿੱਚ ਜਿੱਥੇ ਪੈਸੇ ਦੇ ਜੋਰ 'ਤੇ ਪੰਥ ਦੇ ਸਿਰ ਚੜ੍ਹ ਬੈਠੀ ਨਿਕੰਮੀ ਲੀਡਰਸ਼ਿਪ ਨੂੰ ਅਗਵਾਈ ਕਰਨ ਦਾ ਨੈਤਿਕ ਅਧਿਕਾਰ ਗੁਆ ਚੁੱਕੀ, ਐਲਾਨਿਆ ਗਿਆ, ਉੱਥੇ ਨਵੀਂ ਲੀਡਰਸ਼ਿਪ ਪ੍ਰਵਾਨ ਚੜ੍ਹਾਉਣ ਲਈ ਨਵੀਂ ਭਰਤੀ ਕਮੇਟੀ ਵੀ ਬਣਾਈ ਗਈ। ਸ੍ਰੀ ਅਕਾਲ ਤਖਤ ਸਾਹਿਬ





ਦੇ ਹੁਕਮ ਅਨੁਸਾਰ ਉਸ ਭਰਤੀ ਕਮੇਟੀ ਨੇ ਆਪਣਾ ਕੰਮ ਸ਼ੁਰੂ ਕਰ ਦਿੱਤਾ ਹੈ, ਜਿਸ ਨਾਲ ਆਸ ਬੱਝੀ ਹੈ ਕਿ ਜਲਦ ਹੀ ਸਿੱਖ ਕੌਮ ਦੀਆਂ ਧਾਰਮਿਕ ਅਤੇ ਰਾਜਸੀ ਭਾਵਨਾਵਾਂ ਦੀ ਪੂਰਤੀ ਕਰਨ ਵਾਲਾ 1920 ਵਾਲਾ ਸ਼੍ਰੋਮਣੀ ਅਕਾਲੀ ਦਲ ਜਥੇਬੰਦ ਹੋ ਕੇ ਨਵੀਂ ਭਵਿੱਖਮੁਖੀ ਲੀਡਰਸ਼ਿਪ ਉਭਾਰੇਗਾ। ਸ ਰਵੀਇੰਦਰ ਸਿੰਘ ਨੇ ਕਿਹਾ ਕਿ ਸਿੱਖਾਂ ਦੀ ਇਹ ਰਾਜਸੀ ਜਮਾਤ ਇਕ ਪਰਿਵਾਰ ਦੀ ਬੰਧਕ ਬਣ ਗਈ ਸੀ ਜਿਸ ਕਾਰਨ ਸਾਰੇ ਫੈਸਲੇ ਪੰਥ ਦੇ ਵਿਰੋਧ ਵਿੱਚ ਹੀ ਹੁੰਦੇ ਰਹੇ ਅਤੇ ਨਕਲੀ ਡੇਰੇਦਾਰਾਂ ਨੂੰ ਪ੍ਰਮੋਟ ਕੀਤਾ ਜਾਂਦਾ ਰਿਹਾ। ਇਤਿਹਾਸ ਵਿੱਚ ਇਹ ਪਹਿਲੀ ਵਾਰ ਹੀ ਹੋਇਆ ਹੈ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਮੁੱਖ ਲੀਡਰ ਦੀ ਧੀ ਦੇ ਵਿਆਹ ਵਿੱਚ ਕਿਸੇ ਤਖਤ ਸਾਹਿਬ ਦੇ ਜਥੇਦਾਰ ਸਹਿਬ ਜਾਂ ਹੈਡ ਗ੍ਰੰਥੀ ਸਾਹਿਬ ਦੀ ਥਾਂ ਡੇਰਾ ਮੁਖੀ ਸ਼ਾਮਲ ਹੋਇਆ ਹੈ। ਪਰ ਉਸ ਦੇ ਜਰਖਰੀਦ ਗੁਲਾਮ ਅਜੇ ਵੀ



ਸੁਖਬੀਰ ਸਿੰਘ ਬਾਦਲ ਨੂੰ ਪੰਥਕ ਆਗੂ ਵਜੋਂ ਪੇਸ਼ ਕਰ ਰਹੇ ਹਨ। ਇਹ ਧਾਰਨਾ ਸਿਰਫ ਸਿੱਖਾਂ ਨਾਲ ਹੀ ਨਹੀਂ, ਸਗੋਂ ਆਪਣੇ ਆਪ ਨਾਲ ਵੀ ਧੋਖਾ ਕਰਨ ਦੇ ਬਰਾਬਰ ਹੈ। ਮੀਟਿੰਗ ਵਿੱਚ ਹਾਜਰ ਸਾਰੇ ਆਗੂਆਂ ਨੇ ਸਰਬ ਸੰਮਤੀ ਨਾਲ ਇਹ ਮਤਾ ਪਾਸ ਕੀਤਾ ਕਿ ਉਹ ਸ੍ਰੀ ਅਕਾਲ ਤਖਤ ਸਾਹਿਬ ਉੱਤੇ ਦੋ ਦਸੰਬਰ ਨੂੰ ਹੋਏ ਫੈਸਲਿਆਂ ਨੂੰ ਸਿਰ ਝੁਕਾਉਂਦੇ ਹੋਏ ਜਥੇਦਾਰ ਸਹਿਬਾਨ ਦਾ ਧੰਨਵਾਦ ਕਰਦੇ ਹਨ ਕਿ ਉਹਨਾਂ ਨੇ ਪੁਰਾਣੇ ਲਾਲਚੀ ਅਤੇ ਭ੍ਰਿਸ਼ਟ ਆਗੂਆਂ ਨੂੰ ਰੱਦ ਕਰਕੇ ਨਵੀਂ ਲੀਡਰਸ਼ਿਪ ਉਭਾਰਨ ਦਾ ਸਿੱਖਾਂ ਨੂੰ ਮੌਕਾ ਦਿੱਤਾ। ਸਾਰੇ ਆਗੂਆਂ ਨੇ ਇਕਮਤ ਹੁੰਦਿਆ ਕਿਹਾ ਕਿ ਉਹ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਤੇ ਹੋ ਰਹੀ ਭਰਤੀ ਨੂੰ ਪੂਰਨ ਸਹਿਯੋਗ ਕਰਨਗੇ ਅਤੇ ਸ਼ਰੋਮਣੀ ਅਕਾਲੀ ਦਲ ਦੇ ਪੁਨਰਗਠਨ ਨੂੰ ਯਕੀਨੀ ਬਣਾਉਣਗੇ। ਅੱਜ ਦੀ ਇਸ ਮੀਟਿੰਗ ਵਿੱਚ ਸ ਰਵੀਇੰਦਰ ਸਿੰਘ ਤੋਂ ਇਲਾਵਾ ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ,, ਸੁਖਦੇਵ ਸਿੰਘ ਫਗਵਾੜਾ ਅਲਾਇੰਸ ਆਫ਼ ਸਿੱਖ ਆਰਗੇਨਾਈਜੇਸ਼ਨਜ਼ , ਅਜੈਪਾਲ ਸਿੰਘ ਬਰਾੜ ਮਿਸਲ ਸਤਲੁਜ, ਮੁੱਖ ਸੇਵਾਦਾਰ ਦਰਬਾਰ ਏ ਖ਼ਾਲਸਾ,ਭਰਪੂਰ ਸਿੰਘ ਧਾਂਦਰਾ, ਤੇਜਿੰਦਰ ਸਿੰਘ ਪੰਨੂੰ, ਸ ਸੁਖਦੇਵ ਸਿੰਘ ਫਗਵਾੜਾ,ਮਹਿੰਦਰਪਾਲ ਸਿੰਘ ਬਿਨਾਂਕਾ, ਜਗਤਾਰ ਸਿੰਘ ਸਹਾਰਨ ਮਾਜਰਾ ,ਹਰਬੰਸ ਸਿੰਘ ਕੰਦੋਲਾ, ਜੋਰਾ ਸਿੰਘ ਚੱਪੜ ਚਿੜੀ ,ਅਰਵਿੰਦਰ ਸਿੰਘ ਪਿੰਟਾ, ਬੇਅੰਤ ਸਿੰਘ ਅੰਮ੍ਰਿਤਸਰ ਪਰਮਿੰਦਰ ਸਿੰਘ ਖਾਲਸਾ ਭਜਨ ਸਿੰਘ ਸ਼ੇਰਗਿਲ ਪ੍ਰੀਤਿਮ ਸਿੰਘ ਛੱਲੋਮਾਜਰਾ ਹਰਜਿੰਦਰ ਸਿੰਘ ਜਿੰਦੀ ਸਰਪੰਚ,ਤੇਜਾ ਸਿੰਘਵਰਿੰਦਰ ਸਿੰਘ ਬੈਂਸ ਹੁਸ਼ਿਆਰਪੁਰ ਬਠਿੰਡਾ,ਗੁਰਲਾਲ ਸਿੰਘ ਫਾਜਿਲਕਾ ਸਤਨਾਮ ਸਿੰਘ ਵੈਰੋਵਾਲ ਤੇ ਹੋਰ ਸ਼ਾਮਲ ਹੋਏ ਘ,ਤਰਸੇਮ ਚੰਦ ਮੋਨੂੰ,ਗੁਲਸ਼ਨ ਕੁਮਾਰ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV


ਤਪ ਅਸਥਾਨ ਨਿਰਮਲ ਕੁਟੀਆ
ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ
ਧੰਨ ਧੰਨ ਬਾਬਾ ਹਾਕਮ ਸਿੰਘ ਜੀ ਕੁੱਲੀ ਵਾਲਿਆਂ ਦਾ
ਜਨਮ ਦਿਹਾੜੇ ਨੂੰ ਸਮਰਪਿਤ ਮਿੱਠੀ ਯਾਦ ਵਿਚ ਤਪ
ਅਸਥਾਨ ਨਿਰਮਲ ਕੁਟੀਆ ਦਸਮੇਸ਼ ਨਗਰ ਵਿਖੇ
29 ਮਾਰਚ 2025 (16 ਚੇਤਰ) ਸ਼ਨੀਵਾਰ ਨੂੰ
ਮਨਾਇਆ ਜਾ ਰਿਹਾ ਹੈ।ਆਪ ਜੀ ਨੇ ਪਰਿਵਾਰਾਂ ਸਮੇਤ ਸਮਾਗਮਾਂ ਵਿੱਚ
ਹਾਜ਼ਰੀਆਂ ਭਰਨੀਆਂ ਅਤੇ ਮਹਾਂਪੁਰਸ਼ਾਂ ਦੀਆਂ ਖੁਸ਼ੀਆਂ ਪ੍ਰਾਪਤ ਕਰਨੀਆਂ ਜੀ।
ਬੇਨਤੀ ਕਰਤਾ: ਇੰਟਰਨੈਸਨਲ ਪੰਥਕ ਦਲ
ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜਕਾਰੀ ਪੰਜਾਬ ਪ੍ਰਧਾਨ
ਸੰਤ ਬਾਬਾ ਪ੍ਰਤਾਪ ਸਿੰਘ ਜੀ ਗੋਬਿੰਦ ਬਾਗ ਵਾਲੇ
ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜ਼ਰ ਪੰਜਾਬ
ਭਾਈ ਮਨਪ੍ਰੀਤ ਸਿੰਘ ਜੀ ਇਕਾਈ ਪ੍ਰਧਾਨ ਦਸ਼ਮੇਸ਼ ਨਗਰ
ਆਵਾਜ਼ਿ ਕੌਮ
AWAZE QAUM
International Newspaper & WEB TV

shrg SIKH HUMAN RIGHTS GROUP

Rencontre Africaine pour la Défense des Droits de l'Homme RAD DHO

MALOCA INTERNATIONALE

## 58TH SESSION OF THE HUMAN RIGHTS COUNCIL SIDE EVENT

# UNDERSTANDING THE CONCEPT OF HUMAN RIGHTS

24TH MARCH
2PM-3PM

PALAIS DES NATIONS
ROOM XXV

**The interpretation of human rights tends to be universalist, often neglecting cultural and civilizational nuances. While some rights, such as the right to life and due process, have clear universal definitions, others—deeply influenced by culture and politics—can create conflicts when interpreted through a single perspective. This tension arises when diverse worldviews, traditions, and collective identities are not considered.**

### PANEL

- Dr Jasdev Singh Rai, Director of Sikh Human Rights Group
- Biro Diawara, Secretary General of Interfaith International and Rencontre africaine pour la défense des droits de l'homme (RADDHO)
- Leonardo R Perez (PhD), associate researcher Pierre du Bois Fondation for Current History
- Dr Darryl Macer, Professor of Bioethics and Biomedicine, provost of the American University of Sovereign Nations and head of Asian Bioethics Association

**Examples include the forced intrusion and reconstruction of culture practices of Indigenous communities, the classification of Sikhs solely as a religious group, the clash between secular freedom of expression and respect for sacred perspectives and diversity of approaches to balance of individual rights with duties and responsibilities. A more flexible, pluralistic and nuanced approach to human rights interpretation may be necessary to reconcile these conflicts while maintaining core universal protections.**

**From Kouroukan Fouga Charter to Sikh understanding of living in harmony with the nature, we will discuss the added value of different civilizations to our common understanding of the concept of human rights.**